SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 41 | Tuesday, February 27, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

# ਪੋਲੈਂਡ ਦੇ ਆਗੂਆਂ ਨਾਲ ਟਰੂਡੋ ਨੇ ਕੀਤੀ ਮੁਲਾਕਾਤ

ਵਾਰਸਾਅ, ਪੋਲੈਂਡ, 26 ਫਰਵਰੀ (ਪੋਸਟ ਬਿਊਰੋ) : ਯੂਕਰੇਨ ਤੇ ਪੋਲੈਂਡ ਦੇ ਤਿੰਨ ਰੋਜ਼ਾ ਦੌਰੇ ਉੱਤੇ ਗਏ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਪਣੇ ਦੌਰੇ ਦੇ ਆਖਰੀ ਦਿਨ ਕੈਨੇਡਾ ਦੇ ਡਿਫੈਂਸ ਸਿਸਟਮ ਉੱਤੇ ਕੀਤੇ ਜਾ ਰਹੇ ਖਰਚੇ ਦੇ ਪੱਧਰ ਦਾ ਪੱਖ ਪੂਰਿਆ।

ਟਰੂਡੋ ਨੇ ਆਖਿਆ ਕਿ ਕੈਨੇਡਾ 31 ਨਾਟੋ ਭਾਈਵਾਲਾਂ ਵਿੱਚੋਂ ਡਿਫੈਂਸ ਉੱਤੇ ਖਰਚਾ ਕਰਨ ਵਾਲਾ ਸੱਤਵਾਂ ਸੱਭ ਤੋਂ ਵੱਡਾ ਮੁਲਕ ਹੈ ਪਰ ਉਨ੍ਹਾਂ ਇਹ ਵੀ ਆਖਿਆ ਕਿ ਇਸ ਪਾਸੇ ਅਜੇ ਹੋਰ ਬਹੁਤ ਕੁੱਝ ਕਰਨਾ ਬਾਕੀ ਹੈ। ਅੱਜ ਉਨ੍ਹਾਂ ਨੇ ਪੋਲੈਂਡ ਦੇ ਪ੍ਰਧਾਨ ਮੰਤਰੀ ਡੌਨਲਡ ਟਸਕ ਨਾਲ ਮੁਲਾਕਾਤ ਕੀਤੀ। ਜਿਨ੍ਹਾਂ ਆਖਿਆ ਕਿ ਇਹ ਜ਼ਰੂਰੀ ਹੋ ਜਾਂਦਾ ਹੈ ਕਿ ਪੱਛਮੀ ਮੁਲਕ ਇੱਕਜੁੱਟ ਹੋ ਕੇ ਰੂਸ ਵੱਲੋਂ ਪੈਦਾ ਕੀਤੇ ਜਾ ਰਹੇ ਗਲੋਬਲ ਖਤਰੇ ਨਾਲ ਨਜਿੱਠਣ।



ਟਸਕ ਨੇ ਆਖਿਆ ਕਿ ਉਹ ਇਸ ਗੱਲ ਨਾਲ ਸਹਿਮਤ ਹਨ ਕਿ ਸਹੀ ਡਿਫੈਂਸ ਤਿਆਰ ਕਰਨ ਲਈ ਨਾਟੋ ਦੇਰ ਸਵੇਰ ਲੋੜੀਂਦੇ ਖਰਚਿਆਂ ਦੇ ਪੱਧਰ ਤੱਕ ਪਹੁੰਚ ਜਾਵੇਗਾ। ਉਨ੍ਹਾਂ ਇਹ ਵੀ ਆਖਿਆ ਕਿ ਕੈਨੇਡਾ, ਯੂਰਪ ਤੇ ਪੋਲੈਂਡ ਲਈ ਸੱਭ ਤੋਂ ਅਹਿਮ ਤੇ ਕੀਮਤੀ ਭਾਈਵਾਲਾਂ ਵਿੱਚੋਂ ਇੱਕ ਹੈ। ਟਰੂਡੋ ਨੇ ਸ਼ਨਿੱਚਰਵਾਰ ਨੂੰ ਕੀਵ ਪਹੁੰਚਣ ਮਗਰੋਂ ਇਹ ਆਖਿਆ ਸੀ ਕਿ ਕੈਨੇਡਾ ਯੂਕਰੇਨ ਲਈ ਸਮਰਥਨ ਦੇਣਾ ਜਾਰੀ ਰੱਖੇਗਾ। ਫਿਰ ਉਨ੍ਹਾਂ ਟਸਕ ਤੇ ਪ੍ਰੈਜ਼ੀਡੈਂਟ ਆਂਦਰੇਜ਼ ਡੂਡਾ ਨਾਲ ਵਾਰਸਾਅ ਵਿੱਚ ਪ੍ਰੈਜ਼ੀਡੈਂਸ਼ੀਅਲ ਪੈਲੇਸ ਵਿੱਚ ਮੁਲਾਕਾਤ ਕੀਤੀ।

# ਓਨਟਾਰੀਓ ਵਲੋਂ ਪੋਸਟ ਸੈਕੰਡਰੀ ਫੰਡਿੰਗ ਵਿਚ ਵਾਧੇ ਦੀ ਸੰਭਾਵਨਾ

ਓਨਟਾਰੀਓ, 26 ਫਰਵਰੀ (ਪੋਸਟ ਬਿਊਰੋ) : ਮਾੜੀ ਵਿੱਤੀ ਸਥਿਤੀ ਦੇ ਚੱਲਦਿਆਂ ਓਨਟਾਰੀਓ ਕਾਲੇਜਿਜ਼ ਤੇ ਯੂਨੀਵਰਸਿਟੀਜ਼ ਮੰਤਰੀ ਵੱਲੋਂ ਅੱਜ ਪੋਸਟ ਸੈਕੰਡਰੀ ਇੰਸਟੀਚਿਊਸ਼ਨਜ਼ ਲਈ ਫੰਡਾਂ ਦਾ ਐਲਾਨ ਕੀਤੇ ਜਾਣ ਦੀ ਸੰਭਾਵਨਾ ਹੈ।



ਨਵੰਬਰ ਵਿੱਚ ਜਾਰੀ ਕੀਤੀ ਗਈ ਤੇ ਸਰਕਾਰ ਵੱਲੋਂ ਤਿਆਰ ਕਰਵਾਈ ਗਈ ਰਿਪੋਰਟ ਵਿੱਚ ਆਖਿਆ ਗਿਆ ਕਿ ਕਾਲਜਾਂ ਤੇ ਯੂਨੀਵਰਸਿਟੀਆਂ ਨੂੰ ਪ੍ਰੋਵਿੰਸ ਵੱਲੋਂ ਦਿੱਤੇ ਜਾਣ ਵਾਲੇ ਘੱਟ ਫੰਡਾਂ ਤੇ 2019 ਵਿੱਚ ਟਿਊਸ਼ਨ ਫੀਸਾਂ ਵਿੱਚ ਆਈ ਕਟੌਤੀ ਕਾਰਨ ਇਸ ਸੈਕਟਰ ਨੂੰ ਵਿੱਤੀ ਅਸਥਿਰਤਾ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਰਿਪੋਰਟ ਵਿੱਚ ਆਖਿਆ ਗਿਆ ਕਿ ਘਰੇਲੂ ਵਿਦਿਆਰਥੀਆਂ ਲਈ ਜਨਤਕ ਤੌਰ ਉੱਤੇ ਸਹਿਯੋਗ ਪ੍ਰਾਪਤ ਕਾਲਜਾਂ ਲਈ ਫੰਡ ਹੋਰ ਕਿਸੇ ਵੀ ਪ੍ਰੋਵਿੰਸ ਨਾਲੋਂ ਓਨਟਾਰੀਓ ਵਿੱਚ ਸੱਭ ਤੋਂ ਘੱਟ ਹਨ ਜਦਕਿ ਕਾਊਂਸਲ ਆਫ ਓਨਟਾਰੀਓ ਯੂਨੀਵਰਸਿਟੀਜ਼ ਦਾ ਕਹਿਣਾ ਹੈ ਕਿ ਘੱਟੋ ਘੱਟ 10 ਯੂਨੀਵਰਸਿਟੀਆਂ ਨੂੰ ਵਿੱਤੀ ਘਾਟੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਮਾਹਿਰਾਂ ਦੇ ਪੈਨਲ ਵੱਲੋਂ ਇੱਕ ਵਾਰ ਲਈ ਕਾਲਜਾਂ ਤੇ ਯੂਨੀਵਰਸਿਟੀਆਂ ਦੇ ਹਰੇਕ ਵਿਦਿਆਰਥੀ ਲਈ 10 ਫੀ ਸਦੀ ਵਾਧਾ ਕਰਨ ਦੀ ਸਿਫਾਰਿਸ਼ ਕੀਤੀ ਗਈ ਤੇ ਇਸੇ ਤਰ੍ਹਾਂ ਆਉਣ ਵਾਲੇ ਸਾਲਾਂ ਵਿੱਚ ਟਿਊਸ਼ਨ ਫੀਸਾਂ ਵਿੱਚ ਪੰਜ ਫੀ ਸਦੀ ਵਾਧਾ ਕਰਨ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਦਿੱਤੀ ਜਾਣ ਵਾਲੀ ਮਦਦ ਵਿੱਚ ਵੀ ਬਰਾਬਰ ਵਾਧਾ ਕਰਨ ਦੀ ਸਿਫਾਰਿਸ਼ ਕੀਤੀ ਗਈ।

ਇੱਥੇ ਦੱਸਣਾ ਬਣਦਾ ਹੈ ਕਿ ਪ੍ਰੀਮੀਅਰ ਡੱਗ ਫੋਰਡ ਨੇ ਪਹਿਲਾਂ ਹੀ ਟਿਊਸ਼ਨ ਫੀਸਾਂ ਵਿੱਚ ਵਾਧਾ ਕਰਨ ਤੋਂ ਇਨਕਾਰ ਕਰ ਦਿੱਤਾ ਹੈ ਪਰ ਕਾਲੇਜਿਜ਼ ਐਂਡ ਯੂਨੀਵਰਸਿਟੀਜ਼ ਮੰਤਰੀ ਜਿੱਲ ਡਨਲਪ ਵੱਲੋਂ ਇਸ ਸਬੰਧ ਵਿੱਚ ਅੱਜ ਐਲਾਨ ਕੀਤਾ ਜਾਵੇਗਾ।

# ਅਮਰੀਕਾ ਵਿਚ ਰਾਸ਼ਟਰਪਤੀ ਚੋਣਾਂ ਵਿਚ ਉਪ ਰਾਸ਼ਟਰਪਤੀ ਦੇ ਅਹੁਦੇ ਦੀ ਨਾਮਜ਼ਦਗੀ ਲਈ ਰਾਮਾਸਵਾਮੀ ਤੇ ਕ੍ਰਿਸਟੀ ਵਿਚਕਾਰ ਮੁਕਾਬਲਾ

ਵਾਸ਼ਿੰਗਟਨ, 26 ਫ਼ਰਵਰੀ (ਪੋਸਟ ਬਿਊਰੋ): ਅਮਰੀਕਾ ਦੀਆਂ ਰਾਸ਼ਟਰਪਤੀ ਚੋਣਾਂ ਵਿਚ ਰਿਪ-ਬਲਿਕਨ ਪਾਰਟੀ ਵਲੋਂ ਉਪ ਰਾਸ਼ਟਰਪਤੀ ਅਹੁਦੇ ਲਈ ਨਾਮਜ਼ਦਗੀ ਹਾਸਲ ਕਰਨ ਦੀ ਦੌੜ ਵਿਚ ਦੱਖਣੀ ਡਕੋਟਾ ਦੀ ਗਵਰਨਰ ਕ੍ਰਿਸਟੀ ਨੋਇਮ ਅਤੇ ਭਾਰਤੀ ਮੂਲ ਦੇ ਬਾਇਓਟੈਕਨਾਲੋਜੀ ਉਦਯੋਗਪਤੀ ਵਿਵੇਕ ਰਾਮਾਸਵਾਮੀ ਵਿਚਾਲੇ ਸਖ਼ਤ ਮੁਕਾਬਲਾ ਹੈ। ਜਾਣਕਾਰੀ ਮੁਤਾਬਕ 'ਕੰਜ਼ਰਵੇਟਿਵ ਪੋਲੀਟਿਕਲ ਐਕਸ਼ਨ ਕਾਨਫਰੰਸ' (ਸੀਪੀਏਸੀ) ਵਿੱਚ ਹੋਈ ਵੋਟਿੰਗ ਵਿਚ ਕ੍ਰਿਸਟੀ ਅਤੇ ਰਾਮਾਸਵਾਮੀ ਦੋਵਾਂ ਨੂੰ 15-15 ਫ਼ੀਸਦੀ ਵੋਟਾਂ ਮਿਲੀਆਂ ਹਨ। ਸ਼ਨੀਵਾਰ ਨੂੰ ਸਮਾਪਤ ਹੋਈ ਇਸ ਦੀ ਚਾਰ ਦਿਨਾਂ ਬੈਠਕ ਤੋਂ ਬਾਅਦ ਨਤੀਜਿਆਂ ਦਾ ਐਲਾਨ ਕੀਤਾ ਗਿਆ। ਰਾਮਾਸਵਾਮੀ (38) ਦਾ ਜਨਮ ਸਿਨਸਿਨਾਟੀ ਵਿੱਚ ਹੋਇਆ ਸੀ। ਉਹ ਇੱਕ ਭਾਰਤੀ ਪ੍ਰਵਾਸੀ ਜੋੜੇ ਦਾ ਬੱਚਾ ਹੈ। ਰਾਮਾਸਵਾਮੀ ਨੇ ਇਸ ਸਾਲ ਰਾਸ਼ਟਰਪਤੀ ਅਹੁਦੇ ਲਈ ਰਿਪ-ਬਲਿਕਨ ਪਾਰਟੀ ਵੱਲੋਂ ਉਮੀਦਵਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਸੀ ਪਰ ਜਨਵਰੀ 'ਚ ਆਇਓਵਾ 'ਚ ਹੋਈ ਵੋਟਿੰਗ 'ਚ ਚੌਥੇ ਸਥਾਨ 'ਤੇ ਰਹਿਣ ਤੋਂ ਬਾਅਦ ਉਹ ਇਸ ਦੌੜ ਤੋਂ ਬਾਹਰ ਹੋ ਗਏ ਸਨ।



# ਇੰਡੋਨੇਸ਼ੀਆ 'ਚ ਮੀਂਹ ਕਾਰਨ ਜ਼ਮੀਨ ਖਿਸਕੀ, 4 ਲੋਕਾਂ ਦੀ ਮੌਤ

ਜਕਾਰਤਾ, 26 ਫ਼ਰਵਰੀ (ਪੋਸਟ ਬਿਊਰੋ): ਇੰਡੋਨੇਸ਼ੀਆ ਦੇ ਦੱਖਣੀ ਸੁਲਾਵੇਸੀ ਸੂਬੇ ਵਿਚ ਸੋਮਵਾਰ ਸਵੇਰੇ ਇਕ ਸੜਕ 'ਤੇ ਜ਼ਮੀਨ ਖਿਸਕਣ ਕਾਰਨ 4 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਜ਼ਖ਼ਮੀ ਹੋ ਗਏ। ਦੱਖਣੀ ਸੁਲਾਵੇਸੀ ਡਿਜ਼ਾਸਟਰ ਮਿਟੀਗੇਸ਼ਨ ਏਜੰਸੀ ਦੇ ਕਾਰਜਕਾਰੀ ਮੁਖੀ ਐਮਸਨ ਪਾਂਡੋਲੋ ਨੇ ਸਥਾਨਕ ਮੀਡੀਆ ਨੂੰ ਦੱਸਿਆ ਕਿ ਬਾਸਟੇਮ ਉਟਾਰਾ ਵਿਚ ਐਤਵਾਰ ਨੂੰ ਪਏ ਮੋਹਲੇਧਾਰ ਮੀਂਹ ਕਾਰਨ ਸਥਾਨਕ ਸਮੇਂ ਮੁਤਾਬਕ ਅੱਜ ਸਵੇਰੇ ਕਰੀਬ 9 ਵਜੇ ਜ਼ਮੀਨ ਖਿਸਕੀ।



ਜ਼ਮੀਨ ਖਿਸਕਣ ਕਾਰਨ 20 ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। ਉਨ੍ਹਾਂ ਦੱਸਿਆ ਕਿ ਬਚਾਅ ਕਰਮਚਾਰੀਆਂ ਨੇ ਜ਼ਖ਼ਮੀਆਂ ਨੂੰ ਨੇੜਲੇ ਪਿੰਡ ਦੇ ਕਮਿਊਨਿਟੀ ਹੈਲਥ ਸੈਂਟਰ 'ਚ ਦਾਖ਼ਲ ਕਰਵਾਇਆ। ਜ਼ਮੀਨ ਖਿਸਕਣ ਕਾਰਨ 10 ਤੋਂ ਵੱਧ ਮੋਟਰਸਾਈਕਲ ਅਤੇ ਦੋ ਕਾਰਾਂ ਦੱਬੀਆਂ ਗਈਆਂ। ਇਸ ਤਬਾਹੀ ਕਾਰਨ ਸੜਕਾਂ ਨੂੰ ਵੀ ਨੁਕਸਾਨ ਪੁੱਜਾ ਹੈ ਅਤੇ ਕਈ ਪਿੰਡਾਂ ਨੂੰ ਜੋੜਨ ਵਾਲੀ ਸੜਕ ਵੀ ਬੰਦ ਹੋ ਗਈ ਹੈ।

# ਮਾਲਦੀਵ ਦੇ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ: ਭਾਰਤ ਨਾਲ ਸਬੰਧ ਵਿਗਾੜਣਾ ਅਸੰਭਵ



ਮਾਲੇ, 26 ਫ਼ਰਵਰੀ (ਪੋਸਟ ਬਿਊਰੋ): ਮਾਲਦੀਵ ਦੀ ਮੁੱਖ ਵਿਰੋਧੀ ਮਾਲਦੀਵੀਅਨ ਡੈਮੋਕ੍ਰੈਟਿਕ ਪਾਰਟੀ (ਐੱਮ.ਡੀ.ਪੀ.) ਦੇ ਨਵੇਂ ਨੇਤਾ ਅਬਦੁੱਲਾ ਸ਼ਾਹਿਦ ਨੇ ਨਵੀਂ ਦਿੱਲੀ ਨਾਲ ਮਾਲੇ ਦੇ ਨੇੜਲੇ ਸਬੰਧਾਂ ਦਾ ਬਚਾਅ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਨਾਲ ਸਬੰਧਾਂ ਨੂੰ ਵਿਗਾੜਣਾ ਅਸੰਭਵ ਹੈ।

ਅਬਦੁੱਲਾ ਦੀ ਇਹ ਟਿੱਪਣੀ ਮਾਲਦੀਵ ਦੀ ਨਵੀਂ ਸਰਕਾਰ ਦੇ ਚੀਨ ਵੱਲ ਝੁਕਾਅ ਦਰਮਿਆਨ ਆਈ ਹੈ। ਇਕ ਇੰਟਰਵਿਊ 'ਚ 61 ਸਾਲਾ ਸ਼ਾਹਿਦ ਨੇ ਕਿਹਾ, 'ਭਾਰਤ ਸਾਡੇ ਨਾਲ ਇਤਿਹਾ-ਸਕ, ਸੱਭਿਆਚਾਰਕ ਅਤੇ ਹੋਰ ਕਈ ਤਰੀਕਿਆਂ ਨਾਲ ਜੁੜਿਆ ਹੋਇਆ ਹੈ।' ਸ਼ਾਹਿਦ ਨੇ ਕਿਹਾ ਕਿ ਮਾਲਦੀਵ ਇਕ ਸਹਿਯੋਗੀ ਵਜੋਂ ਭਾਰਤ ਦੇ ਭੂਗੋਲਿਕ ਅਤੇ ਇਤਿਹਾਸਕ ਮਹੱਤਵ ਤੋਂ ਖੁਦ ਨੂੰ ਦੂਰ ਨਹੀਂ ਕਰ ਸਕਦਾ।

ਭਾਰਤ-ਮਾਲਦੀਵ ਦੇ ਸਬੰਧ ਉਦੋਂ ਵਿਗੜ ਗਏ ਸਨ ਜਦੋਂ ਤੋਂ ਰਾਸ਼ਟਰਪਤੀ ਮੁਹੰਮਦ ਮੁਈਜ਼ੂ ਆਪਣੇ ਭਾਰਤ ਵਿਰੋਧੀ ਰੁਖ ਨਾਲ ਸੱਤਾ ਵਿੱਚ ਆਏ ਹਨ। ਮੁਈਜ਼ੂ ਨੂੰ ਚੀਨ ਸਮਰਥਕ ਨੇਤਾ ਮੰਨਿਆ ਜਾਂਦਾ ਹੈ। ਪਿਛਲੇ ਮੰਗਲਵਾਰ ਨੂੰ ਬਿਨਾਂ ਚੋਣਾਂ ਦੇ ਵਿਰੋਧੀ ਪਾਰਟੀ ਦੇ ਉੱਚ ਅਹੁਦੇ ਲਈ ਚੁਣੇ ਗਏ ਸ਼ਾਹਿਦ ਨੇ 3 ਨਵੰਬਰ 1988 ਨੂੰ ਮਾਲਦੀਵ ਵਿਚ ਵਿਦੇਸ਼ੀ ਫੌਜੀ ਘੁਸਪੈਠ ਨੂੰ ਯਾਦ ਕੀਤਾ ਅਤੇ ਸਥਿਤੀ ਨਾਲ ਨਜਿੱਠਣ ਵਿਚ ਭਾਰਤੀ ਫੌਜ ਦੀ ਭੂਮਿਕਾ ਅਤੇ ਉਸਦੀ ਸਹਾਇਤਾ ਨੂੰ ਉਜਾਗਰ ਕੀਤਾ।

# ਪੱਛਮੀ ਪੌਣਾਂ ਦੇ ਚਲਦੇ ਜੰਮੂ-ਕਸ਼ਮੀਰ 'ਚ ਮੀਂਹ ਅਤੇ ਬਰਫਬਾਰੀ ਦੀ ਸੰਭਾਵਨਾ

ਸ੍ਰੀਨਗਰ, 26 ਫ਼ਰਵਰੀ (ਪੋਸਟ ਬਿਊਰੋ): ਜੰਮੂ-ਕਸ਼ਮੀਰ 'ਚ ਕਈ ਥਾਵਾਂ 'ਤੇ ਪੱਛਮੀ ਗੜਬੜੀ ਕਾਰਨ ਅਗਲੇ 24 ਘੰਟਿਆਂ ਦੌਰਾਨ ਮੀਂਹ ਅਤੇ ਬਰਫਬਾਰੀ ਹੋਣ ਦੀ ਸੰਭਾਵਨਾ ਹੈ। ਅਧਿਕਾਰੀਆਂ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਮੌਸਮ ਵਿਗਿਆਨ ਕੇਂਦਰ ਸ੍ਰੀਨਗਰ ਨੇ ਸੋਮਵਾਰ ਰਾਤ ਤੋਂ ਮੰਗਲਵਾਰ ਦੁਪਹਿਰ ਤੱਕ ਵੱਖ-ਵੱਖ ਥਾਵਾਂ 'ਤੇ ਹਲਕੀ ਬਾਰਸ਼ ਅਤੇ ਬਰਫਬਾਰੀ ਦੀ ਭਵਿੱਖਬਾਣੀ ਕੀਤੀ ਹੈ। ਜੰਮੂ-ਸ੍ਰੀਨਗਰ ਰਾਸ਼ਟਰੀ ਰਾਜਮਾਰਗ-44 ਨੂੰ ਸੋਮਵਾਰ ਨੂੰ ਵਾਹਨਾਂ ਦੀ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਸੀ। ਜੰਮੂ-ਕਸ਼ਮੀਰ ਟ੍ਰੈਫਿਕ ਪੁਲਿਸ ਨੇ ਦੱਸਿਆ ਕਿ ਰਾਮਬਨ ਦੇ ਦਲਵਾਸ ਵਿਖੇ ਜੰਮੂ-ਸ੍ਰੀਨਗਰ ਹਾਈਵੇਅ 'ਤੇ ਸੜਕ ਦੀ ਮੁਰੰਮਤ ਦੇ ਕੰਮ ਕਾਰਨ ਦੋਵਾਂ ਪਾਸਿਆਂ ਤੋਂ ਆਵਾਜਾਈ ਰੋਕ ਦਿੱਤੀ ਗਈ ਹੈ। ਉਨ੍ਹਾਂ ਨੇ ਲੋਕਾਂ ਨੂੰ ਟ੍ਰੈਫਿਕ ਪੁਲਿਸ ਨਾਲ ਸਹਿਯੋਗ ਕਰਨ ਅਤੇ ਲੇਨ ਅਨੁਸ਼ਾਸਨ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਹੈ।

# ਚੌਥੇ ਟੈਸਟ ਮੈਚ ਵਿਚ ਭਾਰਤ ਨੇ ਇੰਗਲੈਂਡ ਨੂੰ ਪੰਜ ਵਿਕਟਾਂ ਨਾਲ ਹਰਾਇਆ, 5 ਮੈਚਾਂ ਦੀ ਲੜੀ 'ਤੇ ਭਾਰਤ 3-1 ਨਾਲ ਅੱਗੇ

ਨਵੀਂ ਦਿੱਲੀ, 26 ਫ਼ਰਵਰੀ (ਪੋਸਟ ਬਿਊਰੋ): ਭਾਰਤ ਅਤੇ ਇੰਗਲੈਂਡ ਵਿਚਾਲੇ ਪੰਜ ਮੈਚਾਂ ਦੀ ਟੈਸਟ ਸੀਰੀਜ਼ ਦਾ ਚੌਥਾ ਮੈਚ ਬੇਹੱਦ ਰੋਮਾਂਚਕ ਰਿਹਾ। ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਇੰਗਲੈਂਡ ਨੇ ਆਪਣੀ ਪਹਿਲੀ ਪਾਰੀ 'ਚ 353 ਦੌੜਾਂ ਬਣਾਈਆਂ। ਜਵਾਬ 'ਚ ਭਾਰਤ ਦੀ ਪਹਿਲੀ ਪਾਰੀ 307 ਦੌੜਾਂ 'ਤੇ ਸਮਾਪਤ ਹੋ ਗਈ। ਇਸ ਤੋਂ ਬਾਅਦ ਇੰਗਲੈਂਡ ਦੀ ਟੀਮ ਦੂਜੀ ਪਾਰੀ 'ਚ 145 ਦੌੜਾਂ 'ਤੇ ਸਿਮਟ ਗਈ ਅਤੇ ਭਾਰਤ ਨੂੰ 192 ਦੌੜਾਂ ਦਾ ਟੀਚਾ ਮਿਲਿਆ।

ਭਾਰਤ ਨੇ ਚੌਥੇ ਟੈਸਟ ਵਿੱਚ ਇੰਗਲੈਂਡ ਨੂੰ ਪੰਜ ਵਿਕਟਾਂ ਨਾਲ ਹਰਾ ਦਿੱਤਾ ਹੈ। ਇਸ ਜਿੱਤ ਦੇ ਨਾਲ ਹੀ ਟੀਮ ਇੰਡੀਆ ਨੇ ਪੰਜ ਮੈਚਾਂ ਦੀ ਸੀਰੀਜ਼ 'ਚ 3-1 ਦੀ ਅਜੇਤੂ ਬੜ੍ਹਤ ਹਾਸਲ ਕਰ ਲਈ ਹੈ।



ਭਾਰਤ ਲਈ ਧਰੁਵ ਜੁਰੇਲ ਅਤੇ ਸ਼ੁਭਮਨ ਗਿੱਲ ਨੇ ਛੇਵੀਂ ਵਿਕਟ ਲਈ 72 ਦੌੜਾਂ ਦੀ ਅਜੇਤੂ ਸਾਂਝੇਦਾਰੀ ਕੀਤੀ। ਜਿੱਤ ਦੀਆਂ ਦੌੜਾਂ ਜੁਰੇਲ ਦੇ ਬੱਲੇ ਤੋਂ ਆਈਆਂ। ਉਸ ਨੇ ਦੋ ਦੌੜਾਂ ਬਣਾ ਕੇ ਮੈਚ ਜਿੱਤ ਲਿਆ। ਜੁਰੇਲ 39 ਦੌੜਾਂ ਬਣਾ ਕੇ ਨਾਬਾਦ ਰਹੇ ਅਤੇ ਸ਼ੁਭਮਨ 52 ਦੌੜਾਂ ਬਣਾ ਕੇ ਨਾਬਾਦ ਰਹੇ। ਇਸ ਤੋਂ ਇਲਾਵਾ ਕਪਤਾਨ ਰੋਹਿਤ ਸ਼ਰਮਾ ਨੇ 55 ਦੌੜਾਂ ਦੀ ਪਾਰੀ ਖੇਡੀ।

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM MAGGAS MEDICAL INC.
Helping you breathe deep and rest easy.
CPAP ਮਸ਼ੀਨ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
(647) 954-9885
20 Maritime Ont Blvd Unit 15 Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮਾ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਬਸਪਾ ਟੀਮ ਦੀ ਬਣੀ ਪਈ ਬੜੀ ਔਕੜ,
ਸਵਾਰ ਹਾਥੀ ਦੇ ਛਾਲਾਂ ਰਹੇ ਮਾਰ ਮੀਆਂ।
ਪਾ-ਪਾ ਕੁੰਡੀਆਂ ਲੈਣੇ ਕਈ ਖਿੱਚ ਲੀਡਰ,
ਦਿੱਸਦਾ ਰੱਖਿਆ ਵਿਰੋਧੀਆਂ ਧਾਰ ਮੀਆਂ।
ਦਬਕਾ ਕੇਸਾਂ ਦਾ ਚੱਲੇ ਪਿਆ ਇੱਕ ਪਾਸੇ,
ਅਹੁਦਿਆਂ ਵਾਲਾ ਹੈ ਨਾਲ ਪ੍ਰਚਾਰ ਮੀਆਂ।
ਵਰਕਰ ਹਾਲੇ ਵੀ ਟੁੱਟਦਾ ਸੁਣੀਂਦਾ ਨਹੀਂ,
ਬਚਿਆ ਹਾਲੇ ਵੀ ਅਸਲ ਆਧਾਰ ਮੀਆਂ।
ਅਗਲੀ ਚੋਣ ਲਈ ਹੱਲਾ ਈ ਚਹੁੰ ਤਰਫੋਂ,
ਘਿਰਾਂ ਕਈਆਂ ਦਾ ਖੁੱਲ੍ਹਾ ਈ ਗੇਟ ਮੀਆਂ।
ਰੜਕਦੀ ਜਾਪਦੀ ਬਸਪਾ ਹੈ ਸਾਰਿਆਂ ਨੂੰ,
ਦੇਣਾ ਚਾਹੁੰਦੇ ਨੇ ਬਿਸਤਰ ਸਮੇਟ ਮੀਆਂ।

**ਤੀਸ ਮਾਰ ਖਾਂ**

# ਮਰਾਠਾ ਰਾਖਵੇਂਕਰਨ ਦੇ ਮੁੱਦੇ 'ਤੇ ਭੜਕੀ ਹਿੰਸਾ, ਪ੍ਰਦਰਸ਼ਨਕਾਰੀਆਂ ਨੇ ਸਾੜੀਆਂ ਬੱਸਾਂ, ਲੱਗਾ ਕਰਫਿਊ





ਮੁੰਬਈ, 26 ਫ਼ਰਵਰੀ (ਪੋਸਟ ਬਿਊਰੋ): ਮਹਾਰਾਸ਼ਟਰ ਵਿੱਚ ਮਰਾਠਾ ਰਾਖਵੇਂਕਰਨ ਦੇ ਮੁੱਦੇ ਨੂੰ ਲੈ ਕੇ ਅੱਜ ਅੰਬੇਡ ਤਾਲੁਕਾ ਵਿੱਚ ਹਿੰਸਾ ਭੜਕ ਗਈ। ਹਿੰਸਾ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਰਾਜ ਟਰਾਂਸਪੋਰਟ ਦੀ ਬੱਸ ਨੂੰ ਅੱਗ ਲਾ ਦਿੱਤੀ। ਅਮਨ-ਕਾਨੂੰਨ ਬਣਾਈ ਰੱਖਣ ਲਈ ਸਥਾਨਕ ਪ੍ਰਸ਼ਾਸਨ ਨੇ ਅੰਬੇਡ ਤਾਲੁਕਾ ਵਿੱਚ ਕਰਫਿਊ ਲਗਾ ਦਿੱਤਾ ਹੈ। ਜਾਲਨਾ ਦੇ ਜ਼ਿਲ੍ਹਾ ਮੈਜਿਸਟਰੇਟ ਕ੍ਰਿਸ਼ਨ ਪੰਚਾਲ ਨੇ ਕਰਫਿਊ ਲਗਾਉਣ ਦੇ ਹੁਕਮ ਦਿੱਤੇ ਹਨ। ਹਾਲਾਂਕਿ, ਸਰਕਾਰੀ ਦਫਤਰਾਂ, ਰਾਸ਼ਟਰੀ ਰਾਜਮਾਰਗਾਂ 'ਤੇ ਆਵਾਜਾਈ, ਦੁੱਧ ਦੀ ਸਪਲਾਈ, ਮੀਡੀਆ, ਮੈਡੀਕਲ ਸੈਕਟਰ ਨੂੰ ਇਸ ਕਰਫਿਊ ਤੋਂ ਛੋਟ ਦਿੱਤੀ ਗਈ ਹੈ। ਪ੍ਰਦਰਸ਼ਨਕਾਰੀਆਂ ਨੇ ਅੰਬੇਡ ਤਾਲੁਕਾ ਦੇ ਤੀਰਥਪੁਰੀ ਕਸਬੇ ਵਿੱਚ ਛਤਰਪਤੀ ਸ਼ਿਵਾਜੀ ਮਹਾਰਾਜ ਚੌਕ ਵਿੱਚ ਇੱਕ ਬੱਸ ਨੂੰ ਅੱਗ ਲਗਾ ਦਿੱਤੀ। ਇਸ ਮਾਮਲੇ ਵਿੱਚ ਮਹਾਰਾਸ਼ਟਰ ਸਟੇਟ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਨੇ ਸਥਾਨਕ ਥਾਣੇ ਵਿੱਚ ਕੇਸ ਦਰਜ ਕਰ ਲਿਆ ਹੈ। ਜਾਲਨਾ ਦੇ ਐਸਪੀ ਦੇ ਹੁਕਮਾਂ 'ਤੇ ਸੂਬਾ ਟਰਾਂਸਪੋਰਟ ਨੇ ਅਗਲੇ ਹੁਕਮਾਂ ਤੱਕ ਜ਼ਿਲ੍ਹੇ ਵਿੱਚ ਆਪਣੀਆਂ ਬੱਸਾਂ ਚਲਾਉਣ 'ਤੇ ਰੋਕ ਲਗਾਉਣ ਦਾ ਫੈਸਲਾ ਕੀਤਾ ਹੈ।

# ਕੇਂਦਰ ਦੀ ਭਾਜਪਾ ਸਰਕਾਰ ਨੇ ਦੇਸ਼ ਦਾ ਅੰਨਦਾਤਾ ਕਿਸਾਨ ਅਤੇ ਖੇਤੀਬਾੜੀ ਦੋਨੋਂ ਹਾਸ਼ੀਏ 'ਤੇ ਧੱਕੇ : ਸਪੀਕਰ ਸੰਧਵਾਂ



ਚੰਡੀਗੜ੍ਹ, 26 ਫਰਵਰੀ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕੇਂਦਰ ਦੀ ਭਾਜਪਾ ਸਰਕਾਰ ਨੇ ਅੰਨਦਾਤਾ ਕਿਸਾਨ ਅਤੇ ਖੇਤੀਬਾੜੀ ਦੋਨੋਂ ਹਾਸ਼ੀਏ 'ਤੇ ਧੱਕ ਦਿੱਤੇ ਹਨ। ਉਨ੍ਹਾਂ ਐਲਾਨ ਕਰਦਿਆਂ ਕਿਹਾ ਕਿ "ਐਮ.ਐਸ.ਪੀ. ਦੀ ਲੋੜ ਕਿਉਂ ਹੈ ?" ਵਿਸ਼ੇ 'ਤੇ ਕਾਲਜਾਂ 'ਚ ਕਰਵਾਏ ਜਾਣਗੇ ਲੇਖ ਮੁਕਾਬਲੇ ਕਰਵਾਏ ਜਾਣਗੇ ਤਾਂ ਜੋ ਦੇਸ਼ ਅਤੇ ਸੂਬੇ ਦੇ ਨੌਜਵਾਨ ਇਸ ਸੱਚ ਤੋਂ ਵਾਕਿਫ ਹੋ ਸਕਣ।

ਸਪੀਕਰ ਸੰਧਵਾਂ ਨੇ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਕਿਸਾਨਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਪੁੱਤਾਂ ਵਾਂਗ ਪਾਲੀਆਂ ਫ਼ਸਲਾਂ ਦਾ ਮੁੱਲ ਮਿਲ ਸਕੇ। ਉਨ੍ਹਾਂ ਕਿਹਾ ਕਿ ਬੀਤੇ ਸਮੇਂ ਵਿੱਚ ਅਤੇ ਮੌਜੂਦਾ ਸਮੇਂ ਵਿੱਚ ਵੀ ਹੱਕੀ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਅੰਦੋਲਨ ਸ਼ੁਰੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਲੇਖ ਮੁਕਾਬਲੇ ਕਰਵਾ ਕੇ ਅਜੋਕੀ ਨਵੀਂ ਪੀੜ੍ਹੀ ਨੂੰ ਖੇਤੀਬਾੜੀ ਪ੍ਰਤੀ ਜਾਗਰੂਕ ਕਰਨ ਲਈ ਇੱਕ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਐਮ.ਐੱਸ.ਪੀ ਦੇ ਵਿਸ਼ੇ ਉੱਤੇ ਕਾਲਜਾਂ ਵਿੱਚ ਲੇਖ ਮੁਕਾਬਲੇ ਕਰਵਾਏ ਜਾ ਰਹੇ ਹਨ ਅਤੇ ਜੇਤੂ ਵਿਦਿਆਰਥੀਆਂ ਨੂੰ ਜੇਤੂ ਵਿਦਿਆਰਥੀਆਂ ਨੂੰ ਕ੍ਰਮਵਾਰ 51 ਹਜ਼ਾਰ, 31 ਹਜ਼ਾਰ ਤੇ 21 ਹਜ਼ਾਰ ਦੇ ਨਕਦ ਇਨਾਮ ਦਿੱਤੇ ਜਾਣਗੇ।

ਸ. ਸੰਧਵਾਂ ਨੇ ਕਿਹਾ ਕਿ ਕੇਂਦਰ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਨੂੰ ਕਾਨੂੰਨ ਬਣਾਉਣ ਸਮੇਤ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਪ੍ਰਵਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਨੂੰ ਦੇਸ਼ ਦਾ ਅੰਨਦਾਤਾ ਕਿਹਾ ਜਾਂਦਾ ਹੈ ਅਤੇ ਆਜ਼ਾਦੀ ਤੋਂ ਬਾਅਦ ਸੱਤਾ 'ਚ ਰਹੀਆਂ ਕੇਂਦਰ ਦੀਆਂ ਸਰਕਾਰਾਂ ਨੇ ਅਜਿਹੀਆਂ ਨੀਤੀਆਂ ਬਣਾਈਆਂ ਕਿ ਕਿਸਾਨ ਅਤੇ ਖੇਤੀਬਾੜੀ ਦੋਨੋਂ ਹਾਸ਼ੀਏ 'ਤੇ ਧੱਕ ਦਿੱਤੇ ਗਏ ਹਨ।

ਸਪੀਕਰ ਨੇ ਕਿਹਾ ਕਿ ਜਦੋਂ ਕੇਂਦਰ ਸਰਕਾਰ ਨੇ ਸਾਲ 2021 ਕਿਸਾਨਾਂ ਦੀਆਂ ਵੱਖ-ਵੱਖ ਮੰਗਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ ਸੀ ਅਤੇ ਹੁਣ ਤੱਕ ਮੰਗਾਂ 'ਤੇ ਅਮਲ ਕਿਉਂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹੁਣ ਕਿਸਾਨਾਂ ਨੂੰ ਪਿਛਲੇ ਸਮੇਂ ਦੌਰਾਨ ਮੰਨੀਆਂ ਮੰਗਾਂ ਨੂੰ ਅਮਲੀ ਰੂਪ 'ਚ ਲਾਗੂ ਕਰਵਾਉਣ ਲਈ ਦਿੱਲੀ ਜਾਣ ਕਿਉਂ ਰੋਕਿਆ ਜਾ ਰਿਹਾ ਹੈ।

# ਸਿਵਲ ਹਸਪਤਾਲ ਬਠਿੰਡਾ ਦਾ ਮੈਡੀਕਲ ਅਫਸਰ ਤੇ ਸਫਾਈ ਸੇਵਕ 5 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਵਿਜੀਲੈਂਸ ਵੱਲੋਂ ਕਾਬੂ



ਚੰਡੀਗੜ, 26 ਫਰਵਰੀ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਸਿਵਲ ਹਸਪਤਾਲ ਬਠਿੰਡਾ ਵਿਖੇ ਤਾਇਨਾਤ ਡਾਕਟਰ ਨਰਿੰਦਰਪਾਲ ਸਿੰਘ ਮੈਡੀਕਲ ਅਫਸਰ ਅਤੇ ਰਾਮ ਸਿੰਘ ਉਰਫ਼ ਟੀਨੂ ਨਾਂ ਦੇ ਸਫਾਈ ਸੇਵਕ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮਾਂ ਨੂੰ ਪਿੰਡ ਗੁਰੂਸਰ ਸਹਿਣੇ ਵਾਲਾ, ਜ਼ਿਲ੍ਹਾ ਬਠਿੰਡਾ ਦੇ ਵਸਨੀਕ ਨਿਰਮਲ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮਾਂ ਨੇ ਇੱਕ ਝਗੜੇ ਵਿੱਚ ਜ਼ਖਮੀ ਹੋਏ ਉਸ ਦੇ ਨੌਕਰ ਦੀ ਮੈਡੀਕੋ ਲੀਗਲ ਰਿਪੋਰਟ (ਐਮ.ਐਲ.ਆਰ.) ਜਾਰੀ ਕਰਨ ਬਦਲੇ 12,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ ਪਰ 10,000 ਰੁਪਏ ਦੀ ਰਿਸ਼ਵਤ ਦੇਣ ਦਾ ਸੌਦਾ ਤੈਅ ਹੋਇਆ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਉਕਤ ਦੋਵੇਂ ਮੁਲਜ਼ਮ ਪਹਿਲਾਂ ਇਸ ਸਬੰਧੀ 5 ਹਜ਼ਾਰ ਰੁਪਏ ਮੌਕੇ 'ਤੇ ਹੀ ਲੈ ਚੁੱਕੇ ਹਨ ਅਤੇ ਰਿਸ਼ਵਤ ਦੀ ਬਾਕੀ ਰਕਮ ਮੰਗ ਰਹੇ ਹਨ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਬਠਿੰਡਾ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਵਿੱਚ ਉਕਤ ਮੈਡੀਕਲ ਅਫਸਰ ਅਤੇ ਸਫਾਈ ਸੇਵਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਰਿਸ਼ਵਤ ਦੀ ਦੂਜੀ ਕਿਸ਼ਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ। ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਵਾਂ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਹੋਰ ਪੁੱਛਗਿੱਛ ਜਾਰੀ ਹੈ।

# ਤੀਰਅੰਦਾਜ਼ੀ ਦੇ ਏਸ਼ੀਆ ਕੱਪ ਵਿੱਚ ਪ੍ਰਨੀਤ ਕੌਰ ਅਤੇ ਸਿਮਰਨਜੀਤ ਕੌਰ ਨੇ ਜਿੱਤੇ ਪੰਜ ਤਮਗ਼ੇ

**ਆਇਰਲੈਂਡ 'ਤੇ ਵੱਡੀ ਜਿੱਤ ਨਾਲ ਪ੍ਰੋ. ਹਾਕੀ ਲੀਗ ਵਿੱਚ ਭਾਰਤੀ ਟੀਮ ਤੀਜੇ ਸਥਾਨ 'ਤੇ, ਧਰੁਵ ਕਪਿਲਾ ਨੇ ਯੁਗਾਂਡਾ ਇੰਟਰਨੈਸ਼ਨਲ ਚੈਲੇਜ ਦਾ ਪੁਰਸ਼ ਡਬਲਜ਼ ਖਿਤਾਬ ਜਿੱਤਿਆ**









ਚੰਡੀਗੜ੍ਹ, 26 ਫਰਵਰੀ (ਗਿਆਨ ਸਿੰਘ): ਕੌਮਾਂਤਰੀ ਪੱਧਰ ਉਤੇ ਪੰਜਾਬ ਦੇ ਖਿਡਾਰੀਆਂ ਵੱਲੋਂ ਨਿੱਤ ਦਿਨ ਦਿਖਾਏ ਜਾ ਰਹੇ ਬਿਹਤਰ ਪ੍ਰਦਰਸ਼ਨ ਦੇ ਚੱਲਦਿਆਂ ਤੀਰਅੰਦਾਜ਼ੀ, ਹਾਕੀ ਤੇ ਬੈਡਮਿੰਟਨ ਵਿੱਚ ਪੰਜਾਬ ਦੇ ਖਿਡਾਰੀਆਂ ਨੇ ਵੱਡੀਆਂ ਮੱਲਾਂ ਮਾਰੀਆਂ ਹਨ।

ਬਗਦਾਦ (ਇਰਾਕ) ਵਿਖੇ ਚੱਲ ਰਹੇ ਤੀਰਅੰਦਾਜ਼ੀ ਦੇ ਏਸ਼ੀਆ ਕੱਪ ਵਿੱਚ ਪੰਜਾਬ ਦੀਆਂ ਦੋ ਤੀਰਅੰਦਾਜ਼ ਖਿਡਾਰਨਾਂ ਸਿਮਰਨਜੀਤ ਕੌਰ ਤੇ ਪ੍ਰਨੀਤ ਕੌਰ ਨੇ ਤਿੰਨ ਸੋਨੇ ਤੇ ਦੋ ਚਾਂਦੀ ਦੇ ਤਮਗ਼ੇ ਜਿੱਤੇ। ਅਬੋਹਰ ਦੀ ਸਿਮਰਨਜੀਤ ਕੌਰ ਨੇ ਰਿਕਰਵ ਦੇ ਮਿਕਸ ਟੀਮ ਅਤੇ ਮਹਿਲਾ ਟੀਮ ਵਿੱਚ ਦੋ ਸੋਨ ਤਮਗ਼ੇ ਅਤੇ ਵਿਅਕਤੀਗਤ ਵਰਗ ਵਿੱਚ ਇਕ ਚਾਂਦੀ ਦਾ ਤਮਗ਼ਾ ਜਿੱਤਿਆ। ਇਸੇ ਤਰ੍ਹਾਂ ਮਾਨਸਾ ਦੀ ਪ੍ਰਨੀਤ ਕੌਰ ਨੇ ਕੰਪਾਊਂਡ ਦੇ ਵਿਅਕਤੀਗਤ ਵਰਗ ਵਿੱਚ ਸੋਨੇ ਅਤੇ ਟੀਮ ਵਰਗ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ।

ਹਾਕੀ ਖੇਡ ਵਿੱਚ ਚੱਲ ਰਹੀ ਐਫ.ਆਈ.ਐਚ. ਪ੍ਰੋ. ਹਾਕੀ ਲੀਗ ਵਿੱਚ ਭਾਰਤੀ ਲੈਗ ਦੇ ਆਖਰੀ ਮੈਚ ਵਿੱਚ ਭਾਰਤ ਨੇ ਆਇਰਲੈਂਡ ਨੂੰ 4-0 ਨਾਲ ਹਰਾਇਆ। ਇਸ ਲੀਗ ਵਿੱਚ ਭਾਰਤੀ ਟੀਮ ਨੇ ਹੁਣ ਤੱਕ 8 ਮੈਚ ਖੇਡ ਕੇ 15 ਅੰਕਾਂ ਨਾਲ ਤੀਜਾ ਸਥਾਨ ਮੱਲ ਲਿਆ ਹੈ। ਹੁਣ ਭਾਰਤੀ ਟੀਮ ਮਈ-ਜੂਨ ਵਿੱਚ ਯੂਰੋਪੀਅਨ ਲੈਗ ਦੇ ਬਾਕੀ ਅੱਠ ਮੈਚ ਖੇਡੇਗੀ। ਟੀਮ ਵਿੱਚ ਕਪਤਾਨ ਹਰਮਨਪ੍ਰੀਤ ਸਿੰਘ ਸਮੇਤ 10 ਖਿਡਾਰੀ ਪੰਜਾਬ ਦੇ ਹਨ।

ਬੈਡਮਿੰਟਨ ਖੇਡ ਵਿੱਚ ਲੁਧਿਆਣਾ ਦੇ ਧਰੁਵ ਕਪਿਲਾ ਨੇ ਆਪਣੀ ਜੋੜੀਦਾਰ ਅਰਜੁਨ ਨਾਲ ਮਿਲ ਕੇ ਯੁਗਾਂਡਾ ਇੰਟਰਨੈਸ਼ਨਲ ਚੈਲੇਂਜ ਦਾ ਪੁਰਸ਼ ਡਬਲਜ਼ ਖਿਤਾਬ ਜਿੱਤਿਆ।

### ਖੇਡ ਮੰਤਰੀ ਮੀਤ ਹੇਅਰ ਨੇ ਜੇਤੂ ਖਿਡਾਰੀਆਂ ਨੂੰ ਦਿੱਤੀ ਮੁਬਾਰਕਬਾਦ

ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਉਕਤ ਪੰਜਾਬੀ ਖਿਡਾਰੀਆਂ ਦੀਆਂ ਜਿੱਤਾਂ ਉਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਸਖਤ ਮਿਹਨਤ ਅਤੇ ਕੋਚਾਂ ਦੇ ਮਾਰਗ ਦਰਸ਼ਨ ਦਾ ਸਿੱਟਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਉਤੇ ਬਣਾਈ ਨਵੀਂ ਖੇਡ ਨੀਤੀ ਦੇ ਸਾਰਥਿਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖਿਡਾਰੀਆਂ ਵੱਲੋਂ ਇਸ ਸਾਲ ਜ਼ੋਰਾਂ ਸ਼ੋਰਾਂ ਨਾਲ ਪੈਰਿਸ ਓਲੰਪਿਕ ਖੇਡਾਂ ਦੀ ਤਿਆਰੀ ਕੀਤੀ ਜਾ ਰਹੀ ਹੈ ਅਤੇ ਇਸ ਵਾਰ ਓਲੰਪਿਕਸ ਵਿੱਚ ਵੀ ਪੰਜਾਬੀ ਖਿਡਾਰੀ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ।


**SherGill Law Firm**
Barrister, Solicitor & Notary Public

Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ



Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration



We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS





We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਅਮਰੀਕਾ ਦੇ ਅੰਬੈਸਡਰ ਐਰਿਕ ਗਾਰਸੇਟੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ, 26 ਫ਼ਰਵਰੀ (ਪੋਸਟ ਬਿਊਰੋ): ਸੰਯੁਕਤ ਰਾਜ ਅਮਰੀਕਾ ਦੇ ਭਾਰਤ ਵਿੱਚ ਅੰਬੈਸਡਰ ਐਰਿਕ ਗਾਰਸੇਟੀ ਅੱਜ ਆਪਣੀ ਪਤਨੀ ਐਮੀ ਵੇਕਲੈਂਡ ਸਮੇਤ ਪਰਿਵਾਰਕ ਮੈਂਬਰਾਂ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਅੰਬੈਸਡਰ ਗਾਰਸੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਕੀਰਤਨ ਸਰਵਣ ਕੀਤਾ। ਉਹ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ, ਜਿਥੇ ਉਨ੍ਹਾਂ ਨੇ ਲੰਗਰ ਸੇਵਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੰਬੈਸਡਰ ਗਾਰਸੇਟੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਪੁਸਤਕਾਂ ਅਤੇ ਲੋਈ ਦੇ ਕੇ ਸਨਮਾਨ ਕੀਤਾ। ਇਸ ਤੋਂ ਪਹਿਲਾਂ ਐਡਵੋਕੇਟ ਧਾਮੀ ਅਤੇ ਅੰਬੈਸਡਰ ਗਾਰਸੇਟੀ ਨੇ ਮੁਲਾਕਾਤ ਦੌਰਾਨ ਵੱਖ-ਵੱਖ ਵਿਸ਼ਿਆਂ ਉੱਤੇ ਵਿਚਾਰ ਚਰਚਾ ਕੀਤੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਅਤੇ ਪੰਜਾਬੀ ਭਾਈਚਾਰਾ ਰਹਿੰਦਾ ਹੈ। ਸ੍ਰੀ ਅੰਮ੍ਰਿਤਸਰ ਤੋਂ ਅਮਰੀਕਾ ਲਈ ਸਿੱਧੀ ਉਡਾਣ ਨਾ ਹੋਣ ਕਰਕੇ ਅੰਮ੍ਰਿਤਸਰ ਆਉਣ ਵਾਲੇ ਯਾਤਰੂਆਂ ਨੂੰ ਵੱਡੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਅੰਬੈਸਟਰ ਗਾਰਸੇਟੀ ਨੂੰ ਕਿਹਾ ਕਿ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਮੰਗ ਅਨੁਸਾਰ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਅਮਰੀਕਾ ਲਈ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਲਈ ਉਚੇਚੇ ਯਤਨ ਕੀਤੇ ਜਾਣ। ਇਸ 'ਤੇ ਅੰਬੈਸਡਰ ਨੇ ਸਕਾਰਾਤਮਕ ਹੁੰਗਾਰਾ ਭਰਦਿਆਂ ਕਿਹਾ ਕਿ ਉਹ ਆਪਣੇ ਅਧਿਕਾਰ ਖੇਤਰ ਵਿਚ ਰਹਿ ਕੇ ਇਸ ਪ੍ਰਤੀ ਜ਼ਰੂਰ ਗੱਲ ਕਰਨਗੇ।

ਇਸੇ ਦੌਰਾਨ ਅੰਬੈਸਡਰ ਗਾਰਸੇਟੀ ਨੇ ਆਪਣੀ ਫੇਰੀ ਬਾਰੇ ਯਾਤਰੂ ਬੁੱਕ ਵਿੱਚ ਅੰਕਿਤ ਕੀਤਾ ਕਿ ਸੱਚਖੰਡ ਸ੍ਰੀ ਹਰਿ-ਮੰਦਰ ਸਾਹਿਬ ਸੰਸਾਰ ਭਰ 'ਚ ਉਹ ਧਾਰਮਿਕ ਅਸਥਾਨ ਹੈ, ਜਿਥੇ ਆ ਕੇ ਮਨੁੱਖ ਨੂੰ ਰੂਹਾਨੀਅਤ ਦਾ ਅਹਿਸਾਸ ਹੁੰਦਾ ਹੈ। ਇਥੇ ਬਿਨਾਂ ਵਿਤਕਰੇ ਤੋਂ ਮਨੁੱਖਤਾ ਦੀ ਸੇਵਾ ਕੀਤੀ ਜਾਂਦੀ ਹੈ, ਜੋ ਸਿੱਖ ਧਰਮ ਦੀ ਵਿਲੱਖਣਤਾ ਹੈ। ਉਨ੍ਹਾਂ ਅਮਰੀਕਾ ਸਮੇਤ ਸੰਸਾਰ ਭਰ ਦੇ ਲੋਕਾਂ ਲਈ ਸ਼ਾਂਤੀ ਦੀ ਅਰਦਾਸ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਸ਼ਾਹਬਾਜ਼ ਸਿੰਘ, ਮੈਨੇਜਰ ਨਰਿੰਦਰ ਸਿੰਘ ਮਥਰੇਵਾਲ, ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ, ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ, ਰਣਧੀਰ ਸਿੰਘ, ਜਤਿੰਦਰਪਾਲ ਸਿੰਘ, ਸਤਨਾਮ ਸਿੰਘ ਝਬਾਲ ਆਦਿ ਹਾਜ਼ਰ ਸਨ।

# ਪੰਜਾਬੀ ਅਭਿਨੇਤਾ ਰੋਸ਼ਨ ਪ੍ਰਿੰਸ, ਯੋਗਰਾਜ ਸਿੰਘ ਅਤੇ ਅਭਿਨੇਤਰੀ ਈਸ਼ਾ ਰਿਖੀ ਨੇ ਆਰੀਅਨਜ਼ ਦੇ ਵਿਦਿਆਰਥੀਆਂ ਦਾ ਮਨ ਮੋਹਿਆ



ਮੋਹਾਲੀ, 26 ਫਰਵਰੀ (ਪੋਸਟ ਬਿਊਰੋ): ਮਸ਼ਹੂਰ ਪੰਜਾਬੀ ਗਾਇਕ ਅਤੇ ਅਭਿਨੇਤਾ ਰੋਸ਼ਨ ਪ੍ਰਿੰਸ, ਸਾਬਕਾ ਕ੍ਰਿਕਟਰ ਅਤੇ ਅਭਿਨੇਤਾ ਯੋਗਰਾਜ ਸਿੰਘ ਅਤੇ ਅਭਿਨੇਤਰੀ ਈਸ਼ਾ ਰਿਖੀ ਨੇ ਅੱਜ ਆਰੀਅਨਜ਼ ਕੈਂਪਸ ਵਿਖੇ ਲਾਈਵ ਪ੍ਰਦਰਸ਼ਨ ਕੀਤਾ ਅਤੇ ਦਰਸ਼ਕਾਂ ਨੂੰ ਆਕਰਸ਼ਿਤ ਕੀਤਾ। ਇਸ ਸਮਾਗਮ ਵਿੱਚ ਸੈਂਕੜੇ ਆਰੀਅਨ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ: ਅੰਸ਼ੂ ਕਟਾਰੀਆ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ।

ਡਾ: ਅੰਸ਼ੂ ਕਟਾਰੀਆ ਨੇ ਕਿਹਾ ਕਿ ਸੱਭਿਆਚਾਰਕ, ਖੇਡਾਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਅਕਾਦਮਿਕ ਹੋਣ ਦੇ ਬਰਾਬਰ ਹਨ। ਕੈਂਪਸ ਵਿੱਚ ਅਜਿਹੇ ਸਮਾਗਮਾਂ ਦਾ ਹਿੱਸਾ ਬਣ ਕੇ ਵਿਦਿਆਰਥੀ ਚੰਗਾ ਐਕਸਪੋਜ਼ਰ ਪ੍ਰਾਪਤ ਕਰਦੇ ਹਨ, ਅਤੇ ਆਰੀਅਨਜ਼ ਗਰੁੱਪ ਵਿਦਿਆਰਥੀਆਂ ਨੂੰ ਜੀਵਨ ਦੇ ਹਲਕੇ ਪਹਿਲੂਆਂ ਲਈ ਐਕਸਪੋਜ਼ਰ ਪ੍ਰਦਾਨ ਕਰਦਾ ਹੈ।

ਵਿਦਿਆਰਥੀਆਂ ਦੀ ਮੰਗ 'ਤੇ, ਰੋਸ਼ਨ ਪ੍ਰਿੰਸ ਨੇ ਆਪਣੇ ਬਹੁਤ ਸਾਰੇ ਹਿੱਟ ਗੀਤ ਗਾਏ ਜਿਨ੍ਹਾਂ ਵਿੱਚੋਂ ਕੁਝ "ਲਾਵਾ ਫੇਰੇ", "ਬਸ ਤੂ", "ਰੰਗ ਪੱਕਾ" ਆਦਿ ਸਨ। ਯੋਗਰਾਜ ਸਿੰਘ ਅਤੇ ਈਸ਼ਾ ਨੇ ਵੀ ਪੇਸ਼ਕਾਰੀ ਕੀਤੀ ਅਤੇ ਦਰਸ਼ਕਾਂ ਨਾਲ ਗੱਲਬਾਤ ਕੀਤੀ। ਸਾਰੀ ਸਟਾਰ ਕਾਸਟ ਨੇ ਹਾਜ਼ਰ ਸਾਰਿਆਂ ਦਾ ਧੰਨਵਾਦ ਕੀਤਾ। ਸਟਾਰ ਕਾਸਟ ਨੇ 1 ਮਾਰਚ ਨੂੰ ਰਿਲੀਜ਼ ਹੋਣ ਵਾਲੀ ਆਪਣੀ ਆਉਣ ਵਾਲੀ ਡਰਾਉਣੀ ਕਾਮੇਡੀ ਫਿਲਮ "ਬੂ ਮਾਈ ਦਰਗੀ" ਦਾ ਪ੍ਰਚਾਰ ਵੀ ਕੀਤਾ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to rgidda@allseas.net






# ਚੋਣ ਬਾਂਡ ਰੱਦ ਕਰਨ ਦਾ ਫੈਸਲਾ ਨੋਟਾਂ 'ਤੇ ਵੋਟ ਪਾਉਣ ਦੀ ਸ਼ਕਤੀ ਨੂੰ ਮਜ਼ਬੂਤ ਕਰੇਗਾ

*ਉਮੀਦਵਾਰ ਚੋਣ ਨਿਯਮਾਂ ਦੀ ਉਲੰਘਣਾ ਕਰਕੇ ਚੋਣਾਂ ਵਿੱਚ ਵੱਡੇ ਪੱਧਰ 'ਤੇ ਕਾਲੇ ਧਨ ਦੀ ਵਰਤੋਂ ਕਰਦੇ ਹਨ। ਇਸ ਤੋਂ ਇਲਾਵਾ, ਸਾਰੀਆਂ ਪਾਰਟੀਆਂ ਕਾਨੂੰਨੀ ਅਤੇ ਗੈਰ-ਕਾਨੂੰਨੀ ਤਰੀਕਿਆਂ ਰਾਹੀਂ ਦਾਨ ਪ੍ਰਾਪਤ ਕਰਦੀਆਂ ਹਨ। ਕਾਰਪੋਰੇਟ ਦਫਤਰ, ਚਾਰਟਰਡ ਉਡਾਣਾਂ, ਰੋਡ ਸ਼ੋਅ, ਰੈਲੀਆਂ ਅਤੇ ਨੇਤਾਵਾਂ ਦੇ ਘੋੜ-ਸਵਾਰੀ ਵੀ ਪਾਰਟੀਆਂ ਦੇ ਸੰਗਠਿਤ ਪੈਸਿਆਂ ਨਾਲ ਕੀਤੀ ਜਾਂਦੀ ਹੈ। ਬੋਹਰਾ ਕਮੇਟੀ ਦੀ ਰਿਪੋਰਟ ਵਿੱਚ ਸਿਆਸਤਦਾਨਾਂ, ਅਪਰਾਧੀਆਂ ਅਤੇ ਕਾਰਪੋਰੇਟਾਂ ਦੇ ਗਠਜੋੜ ਨੂੰ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਮੰਨਿਆ ਗਿਆ ਸੀ। ਦਿਵਾਲੀਆ ਕਾਨੂੰਨ ਦੀ ਆੜ ਵਿੱਚ ਕਈ ਕੰਪਨੀਆਂ ਸਰਕਾਰੀ ਬੈਂਕਾਂ ਦਾ ਪੈਸਾ ਹਜ਼ਮ ਕਰ ਰਹੀਆਂ ਹਨ। ਇਲੈਕਟੋਰਲ ਬਾਂਡਾਂ ਦੀ ਆੜ ਵਿੱਚ ਅਜਿਹੀਆਂ ਕੰਪਨੀਆਂ ਨੂੰ ਫੰਡ ਦੇਣ ਦੀ ਇਜਾਜ਼ਤ ਦੇਣਾ ਦੇਸ਼ ਦੇ ਖ਼ਜ਼ਾਨੇ ਦੀ ਲੁੱਟ ਮੰਨਿਆ ਜਾਵੇਗਾ।*

*ਸਾਨੂੰ ਬਿਹਤਰ ਸਮਾਜ ਦੀ ਉਸਾਰੀ ਲਈ ਉਨ੍ਹਾਂ ਦੀਆਂ ਅਮੀਰ ਜਮਹੂਰੀ ਪਰੰਪਰਾਵਾਂ ਨੂੰ ਅਪਣਾਉਣ ਦੀ ਵੀ ਲੋੜ ਹੈ। ਜਮਹੂਰੀਅਤ ਦੀ ਮਜ਼ਬੂਤੀ ਲਈ ਮੀਲ ਦਾ ਪੱਥਰ ਬਣਨ ਵਾਲੇ ਇਸ ਇਤਿਹਾਸਕ ਫੈਸਲੇ ਲਈ ਪਾਰਟੀਆਂ ਅਤੇ ਆਗੂਆਂ ਨੂੰ ਪਾਰਦਰਸ਼ੀ ਫੰਡ ਲਾਗੂ ਕਰਨ ਦੀ ਲੋੜ ਹੈ।*



*-ਪ੍ਰਿਅੰਕਾ ਸੌਰਭ*




(ਚੋਣ ਬਾਂਡ 'ਤੇ ਫੈਸਲਾ ਪ੍ਰਗਟਾਵੇ ਦੀ ਆਜ਼ਾਦੀ ਨੂੰ ਮਜ਼ਬੂਤ ਕਰਦਾ ਹੈ। ਚੋਣ ਬਾਂਡ ਸਕੀਮ ਨੂੰ ਰੱਦ ਕਰਨਾ ਲੋਕਤੰਤਰ ਨੂੰ ਮਜ਼ਬੂਤ ਕਰਨ ਦੀ ਪਹਿਲ ਹੈ।)

ਇੱਕ ਇਤਿਹਾਸਕ ਫੈਸਲੇ ਵਿੱਚ, ਸੁਪਰੀਮ ਕੋਰਟ ਨੇ ਰਾਜਨੀਤਿਕ ਪਾਰਟੀਆਂ ਦੇ ਵਿੱਤੀ ਯੋਗਦਾਨ ਵਿੱਚ ਪਾਰਦਰਸ਼ਤਾ ਨਾਲ ਜੁੜੇ ਅਹਿਮ ਸਵਾਲਾਂ 'ਤੇ ਫੈਸਲਾ ਸੁਣਾਇਆ। ਇਸ ਨਿਰਣੇ ਦੇ ਕੇਂਦਰ ਵਿੱਚ ਨਾ ਸਿਰਫ਼ ਆਜ਼ਾਦ ਅਤੇ ਨਿਰਪੱਖ ਚੋਣਾਂ ਦੇ ਸਿਧਾਂਤ ਦੀ ਪੁਸ਼ਟੀ ਹੈ, ਸਗੋਂ ਚੋਣ ਪ੍ਰਕਿਰਿਆ ਦੀ ਪਵਿੱਤਰਤਾ 'ਤੇ ਪੈਸੇ ਦਾ ਪ੍ਰਭਾਵ ਅਤੇ ਭਾਗੀਦਾਰੀ ਵਾਲੇ ਲੋਕਤੰਤਰ ਨੂੰ ਉਤਸ਼ਾਹਿਤ ਕਰਨ ਵਿੱਚ ਸੂਚਨਾ ਦੇ ਅਧਿਕਾਰ ਦੀ ਭੂਮਿਕਾ ਵੀ ਹੈ।

ਅਦਾਲਤ ਨੇ ਰਾਜਨੀਤਿਕ ਪਾਰਟੀਆਂ ਨੂੰ ਅਸੀਮਤ ਕਾਰਪੋਰੇਟ ਫੰਡਿੰਗ ਦੀ ਸੰਵਿਧਾਨਕ ਵੈਧਤਾ ਨਾਲ ਸਬੰਧਤ ਇੱਕ ਮਹੱਤਵਪੂਰਨ ਮੁੱਦੇ ਨੂੰ ਸੰਬੋਧਿਤ ਕੀਤਾ, ਜੋ ਕਿ ਕੰਪਨੀ ਐਕਟ 2013 ਦੀ ਧਾਰਾ 182 ਵਿੱਚ ਸੋਧ ਕਰਕੇ ਸੰਭਵ ਬਣਾਇਆ ਗਿਆ ਸੀ, ਜਿਸ ਨੇ ਰਾਜਨੀਤਿਕ ਸੰਸਥਾਵਾਂ ਨੂੰ ਕਾਰਪੋਰੇਟ ਦਾਨ ਦੀ ਸੀਮਾ ਨੂੰ ਹਟਾ ਦਿੱਤਾ ਸੀ।

ਚੋਣ ਬਾਂਡ ਸਕੀਮ 'ਤੇ ਬਹਿਸ ਦੇ ਕੇਂਦਰ ਵਿੱਚ ਚੋਣ ਰਾਜਨੀਤੀ ਵਿੱਚ ਪੈਸੇ ਦੀ ਮਹੱਤਵਪੂਰਨ ਭੂਮਿਕਾ ਹੈ, ਜਿਸ 'ਤੇ ਅਦਾਲਤ ਨੇ ਆਪਣੇ ਫੈਸਲੇ ਦੌਰਾਨ ਜ਼ੋਰ ਦਿੱਤਾ ਹੈ। ਪੈਸੇ, ਤਾਕਤ ਅਤੇ ਰਾਜਨੀਤੀ ਵਿਚਕਾਰ ਗਠਜੋੜ ਨੂੰ ਮਾਨਤਾ ਦਿੰਦੇ ਹੋਏ, ਅਦਾਲਤ ਨੇ ਚੋਣ ਲੋਕਤੰਤਰ 'ਤੇ ਇਸ ਦੇ ਪ੍ਰਭਾਵ ਨੂੰ ਉਜਾਗਰ ਕੀਤਾ। ਪੈਸੇ ਦਾ ਪ੍ਰਭਾਵ ਖੁਦ ਚੋਣ ਪ੍ਰਕਿਰਿਆ ਲਈ ਖਤਰਾ ਪੈਦਾ ਕਰਦਾ ਹੈ, ਅਤੇ ਸਰਕਾਰੀ ਫੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਦੀ ਗੁਣਵੱਤਾ ਅਤੇ ਅਖੰਡਤਾ ਨੂੰ ਕਮਜ਼ੋਰ ਕਰਦਾ ਹੈ।

ਬੇਅੰਤ ਕਾਰਪੋਰੇਟ ਫੰਡਿੰਗ ਕੰਪਨੀਆਂ ਨੂੰ ਚੋਣ ਪ੍ਰਕਿਰਿਆ 'ਤੇ ਅਨਿਯੰਤ੍ਰਿਤ ਪ੍ਰਭਾਵ ਪਾਉਣ ਲਈ ਸ਼ਕਤੀ ਪ੍ਰਦਾਨ ਕਰਦੀ ਹੈ, ਜਿਸ ਨਾਲ ਚੋਣ ਵਿੱਤ ਵਿੱਚ ਭ੍ਰਿਸ਼ਟਾਚਾਰ ਹੁੰਦਾ ਹੈ। ਇਸ ਤਰ੍ਹਾਂ, ਅਦਾਲਤ ਨੇ ਫੈਸਲਾ ਦਿੱਤਾ ਕਿ ਅਜਿਹਾ ਅਭਿਆਸ ਆਜ਼ਾਦ ਅਤੇ ਨਿਰਪੱਖ ਚੋਣਾਂ ਦੇ ਮੂਲ ਸਿਧਾਂਤ ਦੀ ਉਲੰਘਣਾ ਕਰਦਾ ਹੈ ਅਤੇ ਕੁਦਰਤੀ ਤੌਰ 'ਤੇ ਮਨਮਾਨੀ ਹੈ ਅਤੇ ਸੰਵਿਧਾਨ ਦੀ ਧਾਰਾ 14 ਦੀ ਉਲੰਘਣਾ ਕਰਦਾ ਹੈ। ਨਿਰਣਾ, ਆਪਣੀ ਵਿਆਖਿਆਤਮਕ ਅਭਿਆਸ ਦੁਆਰਾ, ਸੁਤੰਤਰ ਅਤੇ ਨਿਰਪੱਖ ਚੋਣਾਂ ਦੇ ਸੰਵਿਧਾਨਕ ਸਿਧਾਂਤਾਂ ਵਿੱਚ ਵਿਸ਼ਵਾਸ ਬਹਾਲ ਕਰਦਾ ਹੈ ਅਤੇ ਵਿਧਾਨ ਸਭਾ ਨੂੰ ਪਾਲਣਾ ਕਰਨ ਲਈ ਸਪੱਸ਼ਟ ਮਾਪਦੰਡ ਪ੍ਰਦਾਨ ਕਰਦਾ ਹੈ। ਇਹ ਸਾਡੇ ਜਮਹੂਰੀ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਲਈ ਇੱਕ ਮਹੱਤਵਪੂਰਨ ਸਾਧਨ ਵਜੋਂ ਆਰਟੀਆਈ ਦੀ ਮਹੱਤਤਾ ਨੂੰ ਵੀ ਮਜ਼ਬੂਤ ਕਰਦਾ ਹੈ ਅਤੇ ਜਾਣਕਾਰੀ ਗੋਪਨੀਯਤਾ ਦੇ ਦਾਇਰੇ ਦੀ ਸਮਝ ਦਾ ਵਿਸਤਾਰ ਕਰਦਾ ਹੈ।

ਉੱਚ-ਮੁੱਲ ਵਾਲੇ ਅਗਿਆਤ ਦਾਨ ਚੋਣਾਤਮਕ ਲੋਕਤੰਤਰ ਅਤੇ ਸ਼ਾਸਨ ਨੂੰ ਕਮਜ਼ੋਰ ਕਰਦੇ ਹਨ ਕਿਉਂਕਿ ਉਹ ਦਾਨੀਆਂ ਅਤੇ ਲਾਭਪਾਤਰੀਆਂ ਵਿਚਕਾਰ ਤਰਕ-ਸੰਗਤ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਦੇ ਹਨ। ਇਲੈਕਟੋਰਲ ਬਾਂਡ ਸਕੀਮ (ਈ.ਬੀ.ਐੱਸ.) 'ਤੇ ਰੋਕ ਲਗਾ ਕੇ, ਸੁਪਰੀਮ ਕੋਰਟ ਨੇ ਇਸ ਬੀਮਾਰੀ ਦੀ ਪਛਾਣ ਕੀਤੀ ਹੈ ਅਤੇ ਲੋਕਤੰਤਰ ਅਤੇ ਸਿਆਸੀ ਫੰਡਿੰਗ 'ਚ ਪਾਰ-ਦਰਸ਼ਤਾ ਨੂੰ ਮਜ਼ਬੂਤ ਕੀਤਾ ਹੈ। ਦੇ ਤਹਿਤ ਕੋਈ ਵੀ ਚੋਣ ਬਾਂਡ ਖਰੀਦ ਸਕਦਾ ਹੈ ਅਤੇ ਉਹਨਾਂ ਨੂੰ ਛੁਡਾਉਣ ਲਈ ਸਿਆਸੀ ਪਾਰਟੀਆਂ ਨੂੰ ਦਾਨ ਕਰ ਸਕਦਾ ਹੈ। ਇਹ ਸਮੁੱਚੀ ਸਕੀਮ ਸੰਵਿਧਾਨ, ਖਾਸ ਕਰਕੇ ਵੋਟਰਾਂ ਦੇ ਸੂਚਨਾ ਦੇ ਅਧਿਕਾਰ ਦੀ ਉਲੰਘਣਾ ਕਰਦੀ ਹੈ। ਇਸ ਨੇ ਕੰਪਨੀਜ਼ ਐਕਟ ਵਿੱਚ ਸੋਧ ਵੀ ਪਾਇਆ, ਜੋ ਕੰਪਨੀਆਂ ਨੂੰ ਆਪਣੇ ਲਾਭ ਅਤੇ ਨੁਕਸਾਨ ਦੇ ਖਾਤਿਆਂ ਵਿੱਚ ਆਪਣੇ ਲਾਭ-ਨੁਕਸਾਨ ਦੇ ਖਾਤਿਆਂ ਦਾ ਖੁਲਾਸਾ ਕੀਤੇ ਬਿਨਾਂ ਸਿਆਸੀ ਪਾਰਟੀਆਂ ਨੂੰ ਆਪਣੇ ਲਾਭ ਦੇ 7.5 ਪ੍ਰਤੀਸ਼ਤ ਦੀ ਸੀਮਾ ਤੋਂ ਵੱਧ ਦਾਨ ਦੇਣ ਦੀ ਇਜਾਜ਼ਤ ਦਿੰਦਾ ਹੈ, ਨੂੰ ਵੀ ਸਪੱਸ਼ਟ ਤੌਰ 'ਤੇ ਮਨਮਾਨੀ ਪਾਇਆ ਗਿਆ। .ਕੀਤੀ ਗਈ ਹੈ ਫੈਸਲੇ ਨੇ 2019 ਤੋਂ ਬਾਅਦ ਕੀਤੇ ਦਾਨ ਦੇ ਵੇਰਵਿਆਂ ਦਾ ਖੁਲਾਸਾ ਕਰਨਾ ਵੀ ਲਾਜ਼ਮੀ ਕਰ ਦਿੱਤਾ ਹੈ। ਇਹ ਫੈਸਲਾ ਵੋਟਰਾਂ ਦੇ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਅਤੇ ਚੋਣਾਂ ਦੀ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਅਦਾਲਤ ਦੁਆਰਾ ਕੀਤੇ ਗਏ ਫੈਸਲਿਆਂ ਦੀ ਲੰਮੀ ਲੜੀ ਵਿੱਚੋਂ ਇੱਕ ਹੈ।

ਇਹ ਫੈਸਲਾ ਕਈ ਸਾਲ ਪਹਿਲਾਂ ਦਿੱਤੇ ਸਿਧਾਂਤ ਦੀ ਕੁਦਰਤੀ ਪਾਲਣਾ ਹੈ ਕਿ ਅਨੁਛੇਦ 19(1)(ਏ) ਦੇ ਤਹਿਤ ਵੋਟਰਾਂ ਦੀ ਪ੍ਰਗਟਾਵੇ ਦੀ ਆਜ਼ਾਦੀ ਉਮੀਦਵਾਰ ਦੇ ਪਿਛੋਕੜ ਬਾਰੇ ਜਾਣਕਾਰੀ ਤੋਂ ਬਿਨਾਂ ਅਧੂਰੀ ਹੋਵੇਗੀ। ਇਸ ਸਿਧਾਂਤ ਨੂੰ ਹੁਣ ਉਨ੍ਹਾਂ ਕਾਰਪੋਰੇਟ ਦਾਨੀਆਂ ਦਾ ਪਰਦਾਫਾਸ਼ ਕਰਨ ਲਈ ਵਧਾ ਦਿੱਤਾ ਗਿਆ ਹੈ ਜੋ ਸੱਤਾਧਾਰੀ ਪਾਰਟੀਆਂ ਨੂੰ ਪੱਖਪਾਤ ਦੇ ਬਦਲੇ ਫੰਡ ਦਿੰਦੇ ਹਨ। ਇਸ ਫੈਸਲੇ ਨਾਲ ਮਨੀ ਪਾਵਰ ਰਾਹੀਂ ਪ੍ਰਸ਼ਾਸਨ 'ਤੇ ਦਾਨੀਆਂ ਦੀ ਪਕੜ ਨੂੰ ਘੱਟ ਕਰਨ 'ਚ ਮਦਦ ਮਿਲ ਸਕਦੀ ਹੈ ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਇਸ ਸਕੀਮ ਦੀ ਵੈਧਤਾ ਬਾਰੇ ਪਹਿਲਾਂ ਫੈਸਲਾ ਨਹੀਂ ਕੀਤਾ ਜਾ ਸਕਦਾ ਸੀ ਜਾਂ ਇਸ ਬਾਂਡ ਨੂੰ ਨਿਯਮਤ ਤੌਰ 'ਤੇ ਜਾਰੀ ਕਰਨ 'ਤੇ ਰੋਕ ਨਹੀਂ ਲਗਾਈ ਜਾ ਸਕਦੀ ਸੀ। ਲਗਾਇਆ ਜਾਵੇ। ਇਸ ਸਕੀਮ ਦੇ ਤਹਿਤ ਪਾਰਟੀਆਂ ਨੂੰ ਦਿੱਤੇ ਗਏ ਹਜ਼ਾਰਾਂ ਕਰੋੜਾਂ ਰੁਪਏ ਵਿੱਚੋਂ ਕਿੰਨੇ ਦਾ ਨਤੀਜਾ ਦਾਨ-ਪੱਖੀ ਨੀਤੀਗਤ ਉਪਾਵਾਂ ਦੇ ਨਤੀਜੇ ਵਜੋਂ ਹੋਇਆ ਜਾਂ ਵਾਧੂ ਚੋਣ ਪ੍ਰਚਾਰ ਸਾਧਨਾਂ ਦੀ ਤਾਇਨਾਤੀ ਲਈ ਫੰਡਾਂ ਵਿੱਚ ਮਦਦ ਕੀਤੀ ਗਈ।

ਸੁਪਰੀਮ ਕੋਰਟ ਨੇ ਇਲੈਕਟੋਰਲ ਬਾਂਡ ਸਕੀਮ ਨੂੰ ਰੱਦ ਕਰਨ ਦਾ ਇਤਿਹਾਸਕ ਫੈਸਲਾ ਸੁਣਾਇਆ ਹੈ। ਪਿਛਲੇ ਛੇ ਸਾਲਾਂ ਵਿੱਚ ਸਾਰੀਆਂ ਪਾਰਟੀਆਂ ਨੂੰ ਇਸ ਯੋਜਨਾ ਤੋਂ 16 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਮਿਲੀ ਹੈ। ਲੋਕਤੰਤਰ ਦੀ ਮਜ਼ਬੂਤੀ ਲਈ ਮੀਲ ਦਾ ਪੱਥਰ ਬਣਨ ਵਾਲੀ ਚੋਣ ਬਾਂਡ ਸਕੀਮ ਨੂੰ ਰੱਦ ਕਰਨ ਦੇ ਸੁਪਰੀਮ ਕੋਰਟ ਦੇ ਇਤਿਹਾਸਕ ਫੈਸਲੇ ਲਈ ਪਾਰਟੀਆਂ ਅਤੇ ਨੇਤਾਵਾਂ ਲਈ ਪਾਰਦਰਸ਼ੀ ਫੰਡਿੰਗ ਨੂੰ ਲਾਗੂ ਕਰਨਾ ਜ਼ਰੂਰੀ ਹੈ। ਫੰਡਿੰਗ 'ਤੇ ਘੱਟ ਜ਼ੋਰ ਪੈਸਿਆਂ ਦੀ ਬਜਾਏ ਮਜ਼ਦੂਰਾਂ ਦਾ ਮੁੱਲ ਵਧੇਗਾ। ਇਲੈਕਟੋਰਲ ਬਾਂਡ ਲਾਗੂ ਹੋਣ ਤੋਂ ਪਹਿਲਾਂ ਪੁਰਾਣੀ ਕਾਨੂੰਨੀ ਪ੍ਰਣਾਲੀ ਅਨੁਸਾਰ ਕੰਪਨੀਆਂ ਸਾਲਾਨਾ ਮੁਨਾਫ਼ੇ ਦੀ ਵੱਧ ਤੋਂ ਵੱਧ ਸੀਮਾ ਅਨੁਸਾਰ ਹੀ ਦਾਨ ਕਰ ਸਕਦੀਆਂ ਸਨ। ਪਰ ਕਾਨੂੰਨ ਵਿੱਚ ਤਬਦੀਲੀ ਤੋਂ ਬਾਅਦ, ਘਾਟਾ ਬਣਾਉਣ ਵਾਲੀਆਂ ਕੰਪਨੀਆਂ ਵੀ ਬਾਂਡਾਂ ਰਾਹੀਂ ਪਾਰਟੀਆਂ ਨੂੰ ਦਾਨ ਕਰਨ ਦੀਆਂ ਹੱਕਦਾਰ ਬਣ ਗਈਆਂ। ਵੋਟਰਾਂ ਅਤੇ ਪਾਰਟੀਆਂ ਨੂੰ ਚੋਣ ਬਾਂਡ ਦੇਣ ਵਾਲੇ ਵਿਅਕਤੀ ਬਾਰੇ ਜਾਣਕਾਰੀ ਨਹੀਂ ਮਿਲ ਸਕੀ। ਪਰ ਸਰਕਾਰ ਨੇ ਸਟੇਟ ਬੈਂਕ ਰਾਹੀਂ ਇਹ ਸਾਰੀ ਜਾਣਕਾਰੀ ਹਾਸਲ ਕੀਤੀ ਸੀ। ਇਹ ਕਿਹਾ ਜਾ ਰਿਹਾ ਸੀ ਕਿ ਨਿੱਜੀ ਕੰਪਨੀਆਂ ਅਤੇ ਕਾਰਪੋਰੇਟ ਸਰਕਾਰਾਂ ਨੂੰ ਚੋਣ ਬਾਂਡਾਂ ਵਿੱਚ ਪੈਸਾ ਲਗਾ ਕੇ ਆਪਣੇ ਹਿੱਤ ਵਿੱਚ ਗਲਤ ਕੰਮ ਕਰਨ ਲਈ ਮਜਬੂਰ ਕਰ ਰਹੇ ਹਨ।

ਚੋਣ ਕਮਿਸ਼ਨ ਨੇ ਅਜਿਹੇ ਬਾਂਡਾਂ ਅਤੇ ਵਿਦੇਸ਼ਾਂ ਤੋਂ ਮਿਲੇ ਚੰਦੇ 'ਤੇ ਗੰਭੀਰ ਚਿੰਤਾ ਪ੍ਰਗਟਾਈ ਸੀ। ਰਿਜ਼ਰਵ ਬੈਂਕ ਨੇ ਇਨ੍ਹਾਂ ਬਾਂਡਾਂ ਰਾਹੀਂ ਮਨੀ ਲਾਂਡਰਿੰਗ ਦੀ ਸੰਭਾਵਨਾ ਵੀ ਪ੍ਰਗਟਾਈ ਸੀ। ਕੇਂਦਰ ਅਤੇ ਰਾਜ ਸਰਕਾਰਾਂ ਨੂੰ ਚੋਣ ਬਾਂਡ ਜਾਰੀ ਕਰਨ ਦਾ ਵਿਸ਼ੇਸ਼ ਫਾਇਦਾ ਮਿਲਦਾ ਹੈ, ਇਸ ਲਈ ਜੱਜਾਂ ਨੇ ਇਸ ਸਕੀਮ ਨੂੰ ਬਰਾਬਰਤਾ ਦੇ ਵਿਰੁੱਧ ਮੰਨਿਆ ਹੈ। ਭਾਰਤ ਵਿੱਚ ਲਾਬਿੰਗ ਗੈਰ-ਕਾਨੂੰਨੀ ਹੈ, ਪਰ ਪ੍ਰਾਈਵੇਟ ਕੰਪਨੀਆਂ ਚੋਣ ਬਾਂਡਾਂ ਰਾਹੀਂ ਸਰਕਾਰਾਂ ਦਾ ਨਾਜਾਇਜ਼ ਫਾਇਦਾ ਉਠਾ ਰਹੀਆਂ ਹਨ।

ਉਮੀਦਵਾਰ ਚੋਣ ਨਿਯਮਾਂ ਦੀ ਉਲੰਘਣਾ ਕਰਕੇ ਚੋਣਾਂ ਵਿੱਚ ਵੱਡੇ ਪੱਧਰ 'ਤੇ ਕਾਲੇ ਧਨ ਦੀ ਵਰਤੋਂ ਕਰਦੇ ਹਨ। ਇਸ ਤੋਂ ਇਲਾਵਾ, ਸਾਰੀਆਂ ਪਾਰਟੀਆਂ ਕਾਨੂੰਨੀ ਅਤੇ ਗੈਰ-ਕਾਨੂੰਨੀ ਤਰੀਕਿਆਂ ਰਾਹੀਂ ਦਾਨ ਪ੍ਰਾਪਤ ਕਰਦੀਆਂ ਹਨ। ਕਾਰਪੋਰੇਟ ਦਫਤਰ, ਚਾਰਟਰਡ ਉਡਾਣਾਂ, ਰੋਡ ਸ਼ੋਅ, ਰੈਲੀਆਂ ਅਤੇ ਨੇਤਾਵਾਂ ਦੇ ਘੋੜ-ਸਵਾਰੀ ਵੀ ਪਾਰਟੀਆਂ ਦੇ ਸੰਗਠਿਤ ਪੈਸਿਆਂ ਨਾਲ ਕੀਤੀ ਜਾਂਦੀ ਹੈ। ਬੋਹਰਾ ਕਮੇਟੀ ਦੀ ਰਿਪੋਰਟ ਵਿੱਚ ਸਿਆਸਤਦਾਨਾਂ, ਅਪਰਾਧੀਆਂ ਅਤੇ ਕਾਰਪੋਰੇਟਾਂ ਦੇ ਗਠਜੋੜ ਨੂੰ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਮੰਨਿਆ ਗਿਆ ਸੀ। ਦਿਵਾਲੀਆ ਕਾਨੂੰਨ ਦੀ ਆੜ ਵਿੱਚ ਕਈ ਕੰਪਨੀਆਂ ਸਰਕਾਰੀ ਬੈਂਕਾਂ ਦਾ ਪੈਸਾ ਹਜ਼ਮ ਕਰ ਰਹੀਆਂ ਹਨ। ਇਲੈਕਟੋਰਲ ਬਾਂਡਾਂ ਦੀ ਆੜ ਵਿੱਚ ਅਜਿਹੀਆਂ ਕੰਪਨੀਆਂ ਨੂੰ ਫੰਡ ਦੇਣ ਦੀ ਇਜਾਜ਼ਤ ਦੇਣਾ ਦੇਸ਼ ਦੇ ਖ਼ਜ਼ਾਨੇ ਦੀ ਲੁੱਟ ਮੰਨਿਆ ਜਾਵੇਗਾ।

ਸਾਨੂੰ ਬਿਹਤਰ ਸਮਾਜ ਦੀ ਉਸਾਰੀ ਲਈ ਉਨ੍ਹਾਂ ਦੀਆਂ ਅਮੀਰ ਜਮਹੂਰੀ ਪਰੰਪਰਾਵਾਂ ਨੂੰ ਅਪਣਾਉਣ ਦੀ ਵੀ ਲੋੜ ਹੈ। ਜਮਹੂਰੀਅਤ ਦੀ ਮਜ਼ਬੂਤੀ ਲਈ ਮੀਲ ਦਾ ਪੱਥਰ ਬਣਨ ਵਾਲੇ ਇਸ ਇਤਿਹਾਸਕ ਫੈਸਲੇ ਲਈ ਪਾਰਟੀਆਂ ਅਤੇ ਆਗੂਆਂ ਨੂੰ ਪਾਰਦਰਸ਼ੀ ਫੰਡ ਲਾਗੂ ਕਰਨ ਦੀ ਲੋੜ ਹੈ।

# ਸਫ਼ਲਤਾ ਦਾ ਸਾਧਨ - ਸਖ਼ਤ ਮਿਹਨਤ

-ਕਟਾਰੀਆ ਕੁਲਵਿੰਦਰ-

ਸਾਨੂੰ ਸਾਰਿਆਂ ਨੂੰ ਜੀਵਨ ਦੇ ਜ਼ਰੂਰੀ ਅੰਗ ਵਜੋਂ ਸਖ਼ਤ ਮਿਹਨਤ ਦੀ ਲੋੜ ਹੁੰਦੀ ਹੈ। ਸਖ਼ਤ ਮਿਹਨਤ ਲਗਨ, ਦ੍ਰਿੜ੍ਹਤਾ, ਅਨੁਸ਼ਾਸਨ ਅਤੇ ਕੁਰਬਾਨੀ ਦੁਆਰਾ ਕਿਸੇ ਟੀਚੇ ਨੂੰ ਪ੍ਰਾਪਤ ਕਰਨ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਕਿਰਿਆ ਹੁੰਦੀ ਹੈ ਜਿਸ ਵਿੱਚ ਸਰੀਰਕ ਅਤੇ ਮਾਨਸਿਕ ਦੋਵੇਂ ਤਰ੍ਹਾਂ ਦੇ ਯਤਨ ਸ਼ਾਮਲ ਹੁੰਦੇ ਹਨ। ਜੀਵਨ ਵਿੱਚ ਸਖ਼ਤ ਮਿਹਨਤ ਕੀਤੇ ਬਿਨਾਂ ਕੁਝ ਵੀ ਵੱਡਾ ਅਤੇ ਚੁਣੌਤੀ ਪੂਰਨ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਕਹਿਣ ਦਾ ਭਾਵ ਹੈ, ਕਿਸੇ ਨੂੰ ਵਿਹਲੇ ਰਹਿਣ ਨਾਲ਼ ਕੁਝ ਵੀ ਹਾਸਲ ਨਹੀਂ ਹੁੰਦਾ। ਦੂਜੇ ਪਾਸੇ ਕੋਈ ਵਿਅਕਤੀ ਜੋ ਲਗਾਤਾਰ ਸਖ਼ਤ ਮਿਹਨਤ ਕਰਦਾ ਹੈ, ਬਿਨਾਂ ਸ਼ੱਕ ਜੀਵਨ ਵਿੱਚ ਸਫ਼ਲ ਹੋਵੇਗਾ। ਜੋ ਲੋਕ ਆਲਸੀ ਹਨ ਉਹ ਸਫ਼ਲ ਜੀਵਨ ਕਦੇ ਜੀਅ ਹੀ ਨਹੀਂ ਸਕਦੇ। ਅਸਲ ਵਿੱਚ ਆਲਸੀ ਵਿਅਕਤੀ ਨੂੰ ਇਹ ਪਤਾ ਹੀ ਨਹੀਂ ਹੁੰਦਾ ਕਿ ਸਫ਼ਲਤਾ ਨੂੰ ਸੰਭਾਲਣਾ ਕਿਵੇਂ ਹੈ। ਸਫ਼ਲ ਲੋਕ ਸਫ਼ਲਤਾ ਅਤੇ ਅਸਫ਼ਲਤਾ ਦੋਵਾਂ ਨੂੰ ਸੰਭਾਲ ਸਕਦੇ ਹਨ ਕਿਉਂਕਿ ਉਹਨਾਂ ਕੋਲ ਇੱਕ ਮਜ਼ਬੂਤ ਕੰਮ ਦੀ ਨੈਤਿਕਤਾ ਹੈ। ਉਹ ਸਮਝਦੇ ਹਨ ਕਿ ਕੋਈ ਵੀ ਜਿੱਤ ਅੰਤਮ ਨਹੀਂ ਹੈ ਅਤੇ ਕੋਈ ਵੀ ਅਸਫ਼ਲਤਾ ਆਖ਼ਰੀ ਹੁੰਦੀ ਹੈ। ਜੋ ਲੋਕ ਸਫ਼ਲ ਹੁੰਦੇ ਹਨ ਉਹ ਆਪਣੀ ਮਿਹਨਤ ਨਾਲ਼ ਲਗਾਤਾਰ ਹੀ ਖੁਦ ਨੂੰ ਉਤਸ਼ਾਹਿਤ ਹੋਇਆ ਮਹਿਸੂਸ ਕਰਦੇ ਹਨ।

ਸਫ਼ਲਤਾ ਲਈ ਕੁਰਬਾਨੀ ਅਤੇ ਸਖ਼ਤ ਮਿਹਨਤ ਦੀ ਲੋੜ ਹੁੰਦੀ ਹੈ। ਮਹਾਨਤਾ ਅਤੇ ਅਸਾਧਾਰਨ ਸਫ਼ਲਤਾ ਪ੍ਰਾਪਤ ਕਰਨਾ ਸਿਰਫ ਥੋੜ੍ਹੇ ਜਿਹੇ ਲੋਕਾਂ ਲਈ ਸੰਭਵ ਨਹੀਂ ਹੈ - ਤੁਹਾਡੇ ਸਮੇਤ ਹਰ ਕੋਈ ਇਸ ਤੱਕ ਪਹੁੰਚ ਕਰ ਸਕਦਾ ਹੈ,ਬਸ ਲੋੜ ਹੁੰਦੀ ਹੈ ਆਪਣੇ ਆਪ 'ਤੇ ਯਕੀਨ ਰੱਖਣ ਦੀ ਅਤੇ ਮਿਲੇ ਮੌਕਿਆਂ ਦਾ ਸੁਹਿਰਦਤਾ ਨਾਲ਼ ਯੋਜਨਾਬੰਦੀ ਕਰਕੇ ਲਾਭ ਉਠਾਉਣ ਦੀ। ਇਸ ਲਈ ਸਾਨੂੰ ਆਪਣੇ ਜੀਵਨ ਦਾ ਸਮਾਂ ਆਪਣੀ ਮੰਜ਼ਲਿ 'ਤੇ ਪਹੁੰਚਣ ਲਈ ਲਗਾਉਣਾ ਪੈਂਦਾ ਹੈ । ਜੇਕਰ ਤੁਸੀਂ ਸਮਾਂ ਲਗਾਉਣ ਲਈ ਤਿਆਰ ਹੋ, ਤਾਂ ਤੁਹਾਡੀ ਮਿਹਨਤ ਰੰਗ ਜ਼ਰੂਰ ਲਿਆਏਗੀ। ਇਸ ਤੋਂ ਇਲਾਵਾ, ਤੁਹਾਨੂੰ ਸਹੀ ਢੰਗ ਨਾਲ਼ ਅੱਗੇ ਵਧਣਾ ਚਾਹੀਦਾ ਹੈ। ਸਹੀ ਫ਼ੈਸਲੇ ਲੈਣਾ, ਸਖਤ ਮਿਹਨਤ ਅਤੇ ਦ੍ਰਿੜ੍ਹਤਾ ਨਾਲ਼ ਕੰਮ ਕਰਨਾ ਇਹ ਯਕੀਨੀ ਬਣਾਏਗਾ ਕਿ ਤੁਸੀਂ ਆਪਣਾ ਟੀਚਾ ਪ੍ਰਾਪਤ ਕਰੋਗੇ। ਇਹ ਧਾਰਨਾ ਬਿਲਕੁਲ ਗ਼ਲਤ ਹੈ ਕਿ ਟੀਚਿਆਂ ਨੂੰ ਪ੍ਰਾਪਤ ਕਰਨ ਅਤੇ ਚੰਗੀ ਪ੍ਰਤਿਸ਼ਠਾ ਲਈ ਕਿਸਮਤ ਦੀ ਲੋੜ ਹੁੰਦੀ ਹੈ। ਮਿਹਨਤ ਅਤੇ ਲਗਨ ਨਾਲ਼ ਕੋਈ ਵੀ ਕੁਦਰਤੀ ਪ੍ਰਤਿਭਾ ਦੀ ਘਾਟ ਦੇ ਬਾਵਜੂਦ ਸਫ਼ਲ ਹੋ ਸਕਦਾ ਹੈ। ਔਕੜਾਂ ਹਮੇਸ਼ਾ ਮਿਹਨਤ ਕਰਨ ਵਾਲਿਆਂ ਦੇ ਹੱਕ ਵਿੱਚ ਹੀ ਹੁੰਦੀਆਂ ਹਨ। ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ, ਅਨੁਸ਼ਾਸਨ, ਲਗਨ ਅਤੇ ਦ੍ਰਿੜ੍ਹਤਾ ਨੂੰ ਉਤਸ਼ਾਹਿਤ ਕਰਨ ਲਈ ਸਖ਼ਤ ਮਿਹਨਤ ਮਹੱਤਵਪੂਰਨ ਹੈ। ਇਹ ਕਿਸੇ ਖਾਸ ਖੇਤਰ ਵਿੱਚ ਹੁਨਰ ਅਤੇ ਮੁਹਾਰਤ ਨੂੰ ਵਧਾ ਸਕਦੀ ਹੈ, ਜਿਸ ਨਾਲ਼ ਵਿਅਕਤੀਗਤ ਵਿਕਾਸ ਅਤੇ ਅੰਦਰੂਨੀ ਸੰਤੁਸ਼ਟੀ ਪ੍ਰਾਪਤ ਹੁੰਦੀ ਹੈ।

ਸਖ਼ਤ ਮਿਹਨਤ ਕਰਨ ਵਾਲੇ ਇਨਸਾਨ ਹਮੇਸ਼ਾ ਅਨੁਸ਼ਾਸਨ ਵਿੱਚ ਰਹਿੰਦੇ ਹਨ। ਉਨ੍ਹਾਂ ਦੇ ਸੁਭਾਅ ਵਿੱਚ ਲਚਕੀਲਾਪਣ, ਨਿਮਰਤਾ ਅਤੇ ਦ੍ਰਿੜ੍ਹਤਾ ਵਰਗੇ ਮਹੱਤਵਪੂਰਣ ਗੁਣ ਆਪਣੇ ਆਪ ਪੈਦਾ ਹੋ ਜਾਂਦੀ ਹੈ। ਸਖ਼ਤ ਮਿਹਨਤ ਲੰਬੇ ਸਮੇਂ ਦੀ ਸਫ਼ਲਤਾ ਲਈ ਹੁਨਰ ਅਤੇ ਗਿਆਨ ਨੂੰ ਵੀ ਵਿਕਸਤ ਕਰਦੀ ਹੈ ਅਤੇ ਪ੍ਰਾਪਤੀ ਦੀ ਭਾਵਨਾ ਪ੍ਰਦਾਨ ਕਰਦੀ ਹੈ ਜੋ ਸਵੈ-ਵਿਸ਼ਵਾਸ ਨੂੰ ਵਧਾਉਂਦੀ ਹੈ। ਸਖ਼ਤ ਮਿਹਨਤ ਕਰਨ ਦੇ ਬਹੁਤ ਸਾਰੇ ਫ਼ਾਇਦੇ ਹਨ। ਅਸੀਂ ਆਪਣੀ ਸਖ਼ਤ ਮਿਹਨਤ ਕਾਰਨ ਹੀ ਸਫ਼ਲ, ਭਰੋਸੇਮੰਦ ਅਤੇ ਦ੍ਰਿੜ ਹੋ ਜਾਂਦੇ ਹਾਂ। ਜੋ ਲੋਕ ਸਖ਼ਤ ਮਿਹਨਤ ਕਰਦੇ ਹਨ, ਉਹ ਆਪਣੇ ਮੌਜੂਦਾ ਹਾਲਾਤ ਸੁਧਾਰਨਾ ਚਾਹੁੰਦੇ ਹਨ, ਸਮੱਸਿਆਵਾਂ ਨੂੰ ਹੱਲ ਕਰਨਾ ਚਾਹੁੰਦੇ ਹਨ ਅਤੇ ਜ਼ਿੰਦਗੀ ਵਿੱਚ ਕਿਸੇ ਮੁਕਾਮ 'ਤੇ ਪਹੁੰਚਣ ਦੀ ਤਾਂਘ ਰੱਖਦੇ ਹਨ। ਇਸ ਲਈ ਉਹ ਅਜਿਹਾ ਕਰਨ ਲਈ ਸਖ਼ਤ ਮਿਹਨਤ ਕਰਦੇ ਹਨ। ਜਦ ਸਖ਼ਤ ਮਿਹਨਤ ਰੰਗ ਲਿਆਉਂਦੀ ਹੈ ਤਾਂ ਸਭ ਪ੍ਰਕਾਰ ਦੀਆਂ ਔਕੜਾਂ ਆਪਣੇ ਆਪ ਨਜ਼ਰ ਅੰਦਾਜ਼ ਹੋ ਜਾਂਦੀਆਂ ਹਨ; ਮਿਹਨਤ ਦਾ ਰੰਗ ਸਫ਼ਲਤਾ ਵਿੱਚ ਬਦਲ ਜਾਂਦਾ ਹੈ ਅਤੇ ਇਨਸਾਨ ਨੂੰ ਆਪਣੇ ਆਪ 'ਤੇ ਮਾਣ ਮਹਿਸੂਸ ਹੁੰਦਾ ਹੈ। ਇਸ ਤਰ੍ਹਾਂ ਉਹ ਆਪਣੇ ਆਪ ਦੇ ਨਾਲ਼ ਨਾਲ਼ ਹੋਰਾਂ ਦਾ ਵੀ ਮਾਰਗਦਰਸ਼ਨ ਕਰਨ ਦੇ ਕਾਬਲ ਹੋ ਜਾਂਦਾ ਹੈ। ਸਾਨੂੰ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਸਖ਼ਤ ਮਿਹਨਤ ਕਰਨ ਦੀ ਆਦਤ ਪਾਉਣੀ ਬੇਹੱਦ ਜ਼ਰੂਰੀ ਹੈ, ਪਰ ਇਹ ਆਦਤ ਸਿਰਫ਼ ਗੱਲਾਂ ਨਾਲ਼ ਨਹੀਂ ਪੈਂਦੀ; ਇਸ ਲਈ ਸਾਨੂੰ ਖ਼ੁਦ ਉਹਨਾਂ ਸਾਹਮਣੇ ਸਖ਼ਤ ਮਿਹਨਤ ਦੇ ਮੁਦੱਈ ਬਣਨਾ ਪਵੇਗਾ।









# ਜੇਈਈ ਐਡਵਾਂਸਡ-2024 ਦੀ ਤਿਆਰੀ ਕਿਵੇਂ ਕਰੀਏ

-ਵਿਜੈ ਗਰਗ-

ਜੇਈਈ ਵਿੱਚ ਵਧੀਆ ਰੈਂਕ ਪ੍ਰਾਪਤ ਕਰਨ ਅਤੇ ਆਈਆਈਟੀ ਵਿੱਚ ਪਹੁੰਚਣ ਲਈ, ਤੁਹਾਡੇ ਕੋਲ ਰਣਨੀਤਕ ਯੋਜਨਾਬੰਦੀ ਹੋਣੀ ਚਾਹੀਦੀ ਹੈ ਜੋ ਚੋਣ ਦੇ ਮੌਜੂਦਾ ਫਾਰਮੈਟ ਦੇ ਅਨੁਕੂਲ ਹੋਵੇ। ਮੌਜੂਦਾ ਫਾਰਮੈਟ ਚਾਰੇ ਪਾਸੇ ਦੀ ਕਾਰਗੁਜ਼ਾਰੀ ਦੀ ਮੰਗ ਕਰਦਾ ਹੈ ਕਿਉਂਕਿ ਇਹ ਤੁਹਾਡੀ ਬੋਰਡ ਪ੍ਰੀਖਿਆ, ਜੇਈਈ ਐਡਵਾਂਸਡ ਨੂੰ ਮੰਨਦਾ ਹੈ। ਜੇਈਈ ਐਡਵਾਂਸਡ ਨੂੰ ਤਿਆਰ ਕਰਨ ਲਈ ਇੱਥੇ ਮਹੱਤਵਪੂਰਨ ਸੁਝਾਅ ਦਿੱਤੇ ਗਏ ਹਨ। ਜੇਈਈ ਐਡਵਾਂਸਡ ਤਿਆਰੀ ਲਈ ਸੁਝਾਅ ਜੇਈਈ ਐਡਵਾਂਸਡ ਲਈ ਚਾਹਵਾਨ ਉਮੀਦਵਾਰ ਪ੍ਰੀਖਿਆ ਦੀ ਤਿਆਰੀ, ਮਹੱਤਵਪੂਰਨ ਕਿਤਾਬਾਂ, ਸੰਸ਼ੋਧਨ ਪ੍ਰਕਿਰਿਆ ਆਦਿ ਨਾਲ ਸਬੰਧਤ ਵੱਖ-ਵੱਖ ਮਹੱਤਵਪੂਰਨ ਨੁਕਤਿਆਂ ਦੀ ਜਾਂਚ ਕਰ ਸਕਦੇ ਹਨ। ਇਮਤਿਹਾਨਾਂ ਦੀ ਚੰਗੀ ਤਰ੍ਹਾਂ ਤਿਆਰੀ ਕਰਨ ਲਈ ਸਾਰੇ ਸੰਬੰਧਿਤ ਸੁਝਾਵਾਂ ਦੀ ਜਾਂਚ ਕਰੋ। 1. ਕਿਤਾਬਾਂ ਨੂੰ ਨਜ਼ਰਅੰਦਾਜ਼ ਨਾ ਕਰੋ ਦੀਆਂ ਕਿਤਾਬਾਂ ਭਾਰਤ ਦੇ ਕੁਝ ਉੱਤਮ ਦਿਮਾਗਾਂ ਦੁਆਰਾ ਲਿਖੀਆਂ ਗਈਆਂ ਹਨ ਅਤੇ ਇਹ ਕਿਤਾਬਾਂ ਕਾਫ਼ੀ ਸਟੀਕ ਅਤੇ ਸੰਖੇਪ ਹਨ।

ਤੁਹਾਡੀ ਤਿਆਰੀ ਦੀਆਂ ਕਿਤਾਬਾਂ ਨਾਲ ਸ਼ੁਰੂ ਹੋਣੀ ਚਾਹੀਦੀ ਹੈ। ਇਨ੍ਹਾਂ ਕਿਤਾਬਾਂ ਨੂੰ ਚੰਗੀ ਤਰ੍ਹਾਂ ਪੜ੍ਹੋ ਅਤੇ ਪਿੱਛੇ ਦੀਆਂ ਸਾਰੀਆਂ ਕਸਰਤਾਂ ਨੂੰ ਹੱਲ ਕਰੋ। ਨਾਲ ਹੀ, ਬਾਹਰਮੁਖੀ ਸਵਾਲਾਂ ਦੇ ਹੋਰ ਅਭਿਆਸ ਲਈ 'ਉਦਾਹਰਨ ਸਮੱਸਿਆਵਾਂ' ਦੀ ਕੋਸ਼ਿਸ਼ ਕਰੋ। ਯਾਦ ਰੱਖੋ ਕਿ ਦੀਆਂ ਕਿਤਾਬਾਂ ਨੂੰ ਪੜ੍ਹਨਾ ਅਤੇ ਸਮਝਣਾ ਇੱਕੋ ਗੱਲ ਨਹੀਂ ਹੈ। 2. ਬੋਰਡ ਪ੍ਰੀਖਿਆਵਾਂ ਲਈ ਚੰਗੀ ਤਰ੍ਹਾਂ ਤਿਆਰੀ ਕਰੋ ਹਾਲਾਂਕਿ ਪਿਛਲੇ ਸਾਲ ਤੋਂ, ਜੇਈਈ ਐਡਵਾਂਸਡ ਰੈਂਕ ਨਿਰਧਾਰਨ ਲਈ ਤੁਹਾਡੇ ਬਾਰ੍ਹਵੀਂ ਜਮਾਤ ਦੇ ਅੰਕਾਂ ਦੀ ਲੋੜ ਨਹੀਂ ਹੋਵੇਗੀ, ਫਿਰ ਵੀ ਤੁਹਾਡੇ ਲਈ ਬੋਰਡ ਪ੍ਰੀਖਿਆਵਾਂ ਵਿੱਚ ਵਧੀਆ ਅੰਕ ਪ੍ਰਾਪਤ ਕਰਨਾ ਮਹੱਤਵਪੂਰਨ ਹੈ। ਤੁਹਾਨੂੰ ਬੋਰਡ ਲਈ ਆਪਣੀ ਪੂਰੀ ਕੋਸ਼ਿਸ਼ ਕਰਨ ਦੀ ਲੋੜ ਹੈ। ਬੋਰਡ ਲਈ ਚੰਗੀ ਤਿਆਰੀ ਜੇਈਈ ਐਡਵਾਂਸ ਦੀ ਤਿਆਰੀ ਵਿੱਚ ਮਦਦ ਕਰਦੀ ਹੈ ਕਿਉਂਕਿ ਇਹ ਦੋਵੇਂ ਪ੍ਰੀਖਿਆਵਾਂ ਸੀਬੀਐਸਈ ਦੁਆਰਾ ਕਰਵਾਈਆਂ ਜਾਂਦੀਆਂ ਹਨ। ਜੇਈਈ ਐਡਵਾਂਸ ਦੇ ਉਲਟ, ਬੋਰਡ ਪ੍ਰੀਖਿਆ ਵਿੱਚ ਵਿਅਕਤੀਗਤ ਪ੍ਰਸ਼ਨ ਹੁੰਦੇ ਹਨ, ਇਸ ਲਈ ਵਿਅਕਤੀਗਤ ਪ੍ਰਸ਼ਨਾਂ ਦੇ ਉੱਤਰ ਦੇਣ ਦੀ ਆਦਤ ਵਿਕਸਿਤ ਕਰੋ। 3. ਹੋਰ ਮਹੱਤਵਪੂਰਨ ਕੀ ਹੈ: ਤੁਸੀਂ ਕਿੰਨਾ ਸਮਾਂ ਜਾਂ ਕਿੰਨਾ ਅਧਿਐਨ ਕੀਤਾ ਹੈ? ਇਮਾਨਦਾਰੀ ਨਾਲ, ਇਹਨਾਂ ਵਿੱਚੋਂ ਕੋਈ ਵੀ ਨਹੀਂ; ਜਦੋਂ ਤੱਕ ਤੁਸੀਂ ਨਹੀਂ ਜਾਣਦੇ ਹੋ ਕਿ ਕਿਵੇਂ ਪੜ੍ਹਨਾ ਹੈ। ਜੇ ਤੁਸੀਂ ਪਰਿਭਾਸ਼ਾਵਾਂ ਅਤੇ ਫਾਰਮੂਲਿਆਂ ਨੂੰ ਘੜਦੇ ਹੋ, ਤਾਂ ਇਹ ਮਾਇਨੇ ਰੱਖਦਾ ਹੈ ਕਿ ਤੁਸੀਂ ਕਿੰਨੀ ਦੇਰ ਜਾਂ ਕਿੰਨਾ ਅਧਿਐਨ ਕਰਦੇ ਹੋ। ਇੱਕ ਸਪਸ਼ਟ ਸੰਕਲਪ ਨੂੰ ਸਮਝਣਾ ਅਤੇ ਵਿਕਸਿਤ ਕਰਨਾ ਬਹੁਤ ਵਧੀਆ ਹੈ. ਇੱਕ ਵਾਰ ਜਦੋਂ ਤੁਸੀਂ 'ਅਧਿਐਨ ਕਿਵੇਂ ਕਰਨਾ ਹੈ' ਜਾਣਦੇ ਹੋ ਤਾਂ ਇਹ ਸਮਝਦਾਰੀ ਦੀ ਗੱਲ ਹੋਵੇਗੀ ਕਿ ਤੁਸੀਂ ਦਿੱਤੇ ਗਏ ਸਮੇਂ ਵਿੱਚ ਕਿੰਨੇ ਵਿਸ਼ਿਆਂ ਨੂੰ ਕਵਰ ਕਰ ਸਕਦੇ ਹੋ। 4. ਇੱਕ ਹਫ਼ਤੇ ਲਈ ਯੋਜਨਾ ਬਣਾਓ ਕਿਸੇ ਦਿਨ ਲਈ ਯੋਜਨਾ ਨਾ ਬਣਾਓ ਕਿਉਂਕਿ ਇਹ ਉਸ ਦਿਨ ਕਿਸੇ ਵੀ ਅਟੱਲ ਘਟਨਾ ਲਈ ਪੂਰਾ ਨਹੀਂ ਹੋ ਸਕਦਾ (ਤੁਸੀਂ ਬੀਮਾਰ ਹੋ ਸਕਦੇ ਹੋ)। ਜੇ ਤੁਸੀਂ ਇੱਕ ਹਫ਼ਤੇ ਲਈ ਯੋਜਨਾ ਬਣਾਉਂਦੇ ਹੋ, ਤਾਂ ਤੁਹਾਡੇ ਕੋਲ ਮੁਆਵਜ਼ਾ ਦੇਣ ਲਈ ਹੋਰ ਦਿਨ ਹਨ। ਇੱਕ ਯਥਾਰਥਵਾਦੀ ਯੋਜਨਾ ਬਣਾਓ ਜੋ ਤੁਸੀਂ ਹਫ਼ਤੇ ਦੇ ਅੰਤ ਵਿੱਚ ਪ੍ਰਾਪਤ ਕਰ ਸਕਦੇ ਹੋ। ਇੱਕ ਵਾਰ ਯੋਜਨਾ ਯਥਾਰਥਵਾਦੀ ਹੋ ਜਾਣ 'ਤੇ, ਤੁਹਾਨੂੰ ਇਸਨੂੰ ਅਗਲੇ ਹਫ਼ਤੇ ਤੱਕ ਮੁਲਤਵੀ ਨਹੀਂ ਕਰਨਾ ਚਾਹੀਦਾ। 5. ਟੈਸਟਾਂ ਵਿੱਚ ਹੋਈਆਂ ਗਲਤੀਆਂ ਤੋਂ ਸਿੱਖੋ ਬਹੁਤ ਸਾਰੇ ਟੈਸਟ ਉਪਲਬਧ ਹਨ, ਔਫਲਾਈਨ ਅਤੇ ਔਨਲਾਈਨ ਦੋਵੇਂ। ਉਸੇ ਫਾਰਮੈਟ ਦੇ ਟੈਸਟ ਲੈਣ ਦੀ ਆਦਤ ਪੈਦਾ ਕਰਨਾ ਮਹੱਤਵਪੂਰਨ ਹੈ। ਉਨ੍ਹਾਂ ਐਡਵਾਂਸਡ ਮੌਕ ਟੈਸਟਾਂ ਵਿੱਚ ਕੀਤੀਆਂ ਗਲਤੀਆਂ ਤੋਂ ਸਿੱਖਣਾ ਸਭ ਤੋਂ ਮਹੱਤਵਪੂਰਨ ਹੈ। ਜੇਕਰ ਤੁਸੀਂ ਹਰ ਟੈਸਟ ਤੋਂ ਬਾਅਦ ਉਹਨਾਂ ਗਲਤੀਆਂ ਨੂੰ ਸੋਧ ਸਕਦੇ ਹੋ, ਤਾਂ ਤੁਹਾਡੀ ਕਾਰਗੁਜ਼ਾਰੀ ਹੌਲੀ-ਹੌਲੀ ਸੁਧਾਰ ਦਿਖਾਏਗੀ। ਤਿਆਰੀ ਅਤੇ ਪ੍ਰਦਰਸ਼ਨ ਵਿਚਲੇ ਪਾੜੇ ਨੂੰ ਬੰਦ ਕਰਨ ਅਤੇ ਪ੍ਰੀਖਿਆ ਦੇ ਸੁਭਾਅ ਨੂੰ ਸੁਧਾਰਨ ਦਾ ਇਹ ਇੱਕੋ ਇੱਕ ਤਰੀਕਾ ਹੈ। 6. ਕਿਤਾਬਾਂ ਇਕੱਠੀਆਂ ਨਾ ਕਰੋ ਐਨਸੀਈਆਰਟੀ ਤੋਂ ਇਲਾਵਾ, ਬਹੁਤ ਸਾਰੀਆਂ ਕਿਤਾਬਾਂ ਦੀ ਪਾਲਣਾ ਕਰਨ ਅਤੇ ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਪੂਰਾ ਕਰਨ ਦੀ ਬਜਾਏ ਇੱਕ ਕਿਤਾਬ ਨੂੰ ਚੰਗੀ ਤਰ੍ਹਾਂ ਪਾਲਣ ਕਰਨਾ ਮਹੱਤਵਪੂਰਨ ਹੈ। ਹੇਠ ਲਿਖੀ ਕਿਤਾਬ ਪ੍ਰਮਾਣਿਕ ਹੋਣੀ ਚਾਹੀਦੀ ਹੈ। ਵੱਖ-ਵੱਖ ਸੰਸਥਾਵਾਂ ਦੀ ਅਧਿਐਨ ਸਮੱਗਰੀ ਦੀ ਪਾਲਣਾ ਨਾ ਕਰਨਾ ਬਿਹਤਰ ਹੈ ਕਿਉਂਕਿ ਉਹ ਇੱਕ ਵਿਸ਼ੇ 'ਤੇ ਜ਼ੋਰ ਦਿੰਦੇ ਹਨ ਅਤੇ ਦੂਜੇ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਦੇ ਹਨ। ਨਵਾਂ ਪੈਟਰਨ ਚਾਹੁੰਦਾ ਹੈ ਕਿ ਤੁਸੀਂ ਹਰ ਵਿਸ਼ੇ ਨੂੰ ਪੜ੍ਹੋ ਅਤੇ ਸਮਝੋ। 7. ਪੂਰੇ ਸਿਲੇਬਸ ਨੂੰ ਕਵਰ ਕਰੋ ਪ੍ਰੀਖਿਆਵਾਂ ਵਿੱਚ ਪੁੱਛੇ ਗਏ ਸਾਰੇ ਪ੍ਰਸ਼ਨ ਨਿਰਧਾਰਿਤ ਜੇਈਈ ਐਡਵਾਂਸਡ ਸਿਲੇਬਸ ਵਿੱਚੋਂ ਹਨ। ਕੁਝ ਸੂਝਵਾਨ ਸਵਾਲ ਸੰਕਲਪ ਨੂੰ ਲਾਗੂ ਕਰਨ ਦੀ ਤੁਹਾਡੀ ਯੋਗਤਾ ਦੀ ਜਾਂਚ ਕਰਨਗੇ ਪਰ ਉਹ ਯਕੀਨੀ ਤੌਰ 'ਤੇ ਸਿਲੇਬਸ ਤੋਂ ਬਾਹਰ ਨਹੀਂ ਹਨ। ਜਦੋਂ ਤੁਸੀਂ ਕਿਸੇ ਵਿਦੇਸ਼ੀ ਹਵਾਲਾ ਪੁਸਤਕ ਤੋਂ ਅਧਿਐਨ ਕਰਦੇ ਹੋ, ਤਾਂ ਤੁਸੀਂ ਉਹਨਾਂ ਵਿਸ਼ਿਆਂ ਨੂੰ ਸਿੱਖਣ ਦੀ ਆਦਤ ਪਾ ਸਕਦੇ ਹੋ ਜੋ ਸਿਲੇਬਸ ਵਿੱਚ ਨਹੀਂ ਹਨ। ਜੇਈਈ ਨੂੰ ਤੋੜਨਾ ਵੱਧ ਤੋਂ ਵੱਧ ਭਾਰ ਦੇ ਨਾਲ ਕਿਸ਼ਤੀ ਦੁਆਰਾ ਦਰਿਆ ਪਾਰ ਕਰਨ ਦੇ ਬਰਾਬਰ ਹੈ। ਜੇ ਤੁਸੀਂ ਹੋਰ ਲੈਂਦੇ ਹੋਨਿਰਧਾਰਤ ਸੀਮਾ ਤੋਂ ਵੱਧ, ਕਿਸ਼ਤੀ ਡੁੱਬ ਜਾਵੇਗੀ। 8. ਇੱਕ ਸੰਸ਼ੋਧਨ ਯੋਜਨਾ ਬਣਾਓ ਇੱਕ ਯੋਜਨਾ ਬਣਾਓ ਜੋ ਤੁਹਾਡੇ ਅਧਿਐਨ ਦੇ ਪੈਟਰਨ ਦੇ ਅਨੁਕੂਲ ਹੋਵੇ। ਇਮਤਿਹਾਨ ਦੇ ਕੁਝ ਹਫ਼ਤਿਆਂ ਤੋਂ ਪਹਿਲਾਂ ਨਵੀਂ ਸ਼ੁਰੂਆਤ ਨਾ ਕਰੋ। ਇਮਤਿਹਾਨ ਤੋਂ ਠੀਕ ਪਹਿਲਾਂ ਕੁਝ ਨਵਾਂ ਕਰਨ ਦੀ ਕੋਸ਼ਿਸ਼ ਨਾ ਕਰੋ ਕਿਉਂਕਿ ਇਸ ਨਾਲ ਤੁਹਾਡਾ ਸਮਾਂ ਬਰਬਾਦ ਹੋਵੇਗਾ ਅਤੇ ਤੁਸੀਂ ਉਹ ਜਾਣਕਾਰੀ ਗੁਆ ਸਕਦੇ ਹੋ ਜੋ ਤੁਸੀਂ ਪਹਿਲਾਂ ਹੀ ਸਮਝ ਚੁੱਕੇ ਹੋ। ਮੰਨ ਲਓ ਕਿ ਇਮਤਿਹਾਨ ਤੋਂ ਪਹਿਲਾਂ ਤਿਆਰੀ ਕਰਨ ਲਈ ਤੁਹਾਡੇ ਕੋਲ ਅਠਾਰਾਂ ਦਿਨ ਹਨ, ਤੁਸੀਂ ਪਹਿਲੇ ਛੇ ਦਿਨਾਂ ਵਿੱਚ ਰਸਾਇਣ ਵਿਗਿਆਨ, ਅਗਲੇ ਛੇ ਦਿਨਾਂ ਵਿੱਚ ਭੌਤਿਕ ਵਿਗਿਆਨ ਅਤੇ ਅੰਤ ਵਿੱਚ ਗਣਿਤ ਨੂੰ ਸੋਧਦੇ ਹੋ। ਇਹ ਹੋ ਸਕਦਾ ਹੈ ਕਿ ਤੁਸੀਂ ਅਠਾਰਾਂ ਦਿਨਾਂ ਦੇ ਸੰਸ਼ੋਧਨ ਤੋਂ ਬਾਅਦ ਰਸਾਇਣ ਵਿ-ਗਆਨ ਦੇ ਕੁਝ ਮਹੱਤਵਪੂਰਨ ਨੁਕਤੇ ਯਾਦ ਕਰਨ ਦੇ ਯੋਗ ਨਾ ਹੋਵੋ। ਇਸ ਲਈ, ਪ੍ਰਤੀ ਦਿਨ ਘੱਟੋ-ਘੱਟ ਦੋ ਵਿਸ਼ਿਆਂ ਦਾ ਅਧਿਐਨ ਕਰਨ ਦੀ ਕੋਸ਼ਿਸ਼ ਕਰੋ। ਦਬਾਅ ਤੁਹਾਡੇ ਅਧਿਐਨ 'ਤੇ ਹੋਣ ਦਿਓ ਨਾ ਕਿ ਆਪਣੇ 'ਤੇ। ਪ੍ਰੀਖਿਆ ਤੋਂ ਪਹਿਲਾਂ ਆਪਣੇ ਆਪ ਨੂੰ ਤਰੋਤਾਜ਼ਾ ਰੱਖਣ ਲਈ ਚੰਗੀ ਨੀਂਦ ਲਓ, ਹਲਕਾ ਖਾਓ ਅਤੇ ਸ਼ਾਂਤ ਰਹੋ।




# ਮਿਸ਼ਨ ਰੋਜ਼ਗਾਰ: ਦੋ ਸਾਲਾਂ ਵਿੱਚ ਮੁੱਖ ਮੰਤਰੀ ਨੇ ਪੰਜਾਬ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ 40,000 ਤੋਂ ਵੱਧ ਪਰਿਵਾਰਾਂ ਦਾ ਜੀਵਨ ਰੁਸ਼ਨਾਇਆ

ਚੰਡੀਗੜ੍ਹ, 26 ਫਰਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੋਜ਼ਗਾਰ' ਨੂੰ ਜਾਰੀ ਰੱਖਦੇ ਹੋਏ ਅੱਜ ਵੱਖ-ਵੱਖ ਵਿਭਾਗਾਂ ਵਿੱਚ ਨਵੇਂ ਭਰਤੀ ਹੋਏ 457 ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਭਰਤੀ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਗਠਨ ਤੋਂ ਲੈ ਕੇ ਹੁਣ ਤੱਕ 40,000 ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਇਨ੍ਹਾਂ ਦੇ ਪਰਿਵਾਰਾਂ ਦੇ ਜੀਵਨ ਨੂੰ ਰੁਸ਼ਨਾਇਆ ਹੈ।

ਅੱਜ ਇੱਥੇ ਮਿਊਂਸਪਲ ਭਵਨ ਵਿਖੇ ਨਿਯੁਕਤੀ ਪੱਤਰ ਵੰਡਣ ਮੌਕੇ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਵੱਡੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਵਿੱਚ ਏਨੀ ਬਰਕਤ ਹੈ ਕਿ ਇੱਥੇ ਵੀ ਕੁਝ ਵੀ ਪੈਦਾ ਕੀਤਾ ਜਾ ਸਕਦਾ ਹੈ ਕਿਉਂਕਿ ਇੱਥੋਂ ਦੇ ਲੋਕਾਂ ਨੂੰ ਸਖ਼ਤ ਮਿਹਨਤ ਅਤੇ ਸਮਰਪਿਤ ਭਾਵਨਾ ਦੇ ਅਮਿੱਟ ਜਜ਼ਬੇ ਦੀ ਬਖਸ਼ਿਸ਼ ਪ੍ਰਾਪਤ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਧਰਤੀ ਵਿੱਚ ਅਥਾਹ ਸਮਰੱਥਾ ਹੈ ਜਿਸ ਕਾਰਨ ਸੂਬਾ ਸਰਕਾਰ ਪੰਜਾਬ ਨੂੰ ਦੇਸ ਦਾ ਮੋਹਰੀ ਸੂਬਾ ਬਣਾਉਣ ਲਈ ਸਿਰਤੋੜ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਭਰਤੀ ਕੀਤੇ ਉਮੀਦਵਾਰਾਂ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ 20 ਜੂਨੀਅਰ ਡਰਾਫਟਮੈਨ, ਪਸ਼ੂ ਪਲਾਣ ਵਿਭਾਗ ਵਿੱਚ ਡੇਅਰੀ ਵਿਕਾਸ ਅਫਸਰ, ਕਲਰਕ, ਇੰਕੂਬੇਟਰ ਅਪਰੇਟਰ ਅਤੇ ਮਸ਼ੀਨ ਅਪਰੇਟਰਾਂ ਸਣੇ 32 ਮੁਲਾਜ਼ਮ, ਯੁਵਕ ਸੇਵਾਵਾਂ ਵਿਭਾਗ ਵਿੱਚ ਛੇ ਸਟੈਨੋ-ਟਾਈਪਸਟ, ਕਰ ਤੇ ਆਬਕਾਰੀ ਵਿਭਾਗ ਵਿੱਚ ਕਲਰਕ ਲੀਗਲ, ਅਕਾਊਂਸ ਅਤੇ ਆਈ.ਟੀ. ਸਣੇ 129 ਮੁਲਾਜ਼ਮ, ਖੁਰਾਕ ਤੇ ਸਿਵਲ ਸਪਲਾਈਜ਼ ਮਾਮਲਿਆਂ ਵਿੱਚ 8 ਸਟੈਨੋ-ਟਾਈਪਿਸਟ, ਸੂਚਨਾ ਤੇ ਲੋਕ ਸੰਪਰਕ ਵਿਭਾਗ ਵਿੱਚ ਇਕ ਕਲਰਕ, ਵਿੱਤ ਵਿਭਾਗ ਵਿੱਚ ਕਲਰਕ, ਸਟੈਨੋ ਟਾਈਪਿਸਟ ਤੇ ਸੈਕਸ਼ਨ ਅਫਸਰਾਂ ਸਣੇ 36 ਮੁਲਾਜ਼ਮ, ਲੋਕ ਨਿਰਮਾਣ ਵਿਭਾਗ ਵਿੱਚ 24 ਜੂਨੀਅਰ ਡਰਾਫਟਮੈਨ, ਮਕਾਨ ਤੇ ਸ਼ਹਿਰੀ ਵਿਕਾਸ ਵਿੱਚ 41 ਕਲਰਕ, ਜਲ ਸਰੋਤ ਵਿਭਾਗ ਵਿੱਚ 79 ਸਟੈਨੋ-ਟਾਈਪਿਸਟ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿੱਚ ਸਟਾਫ ਨਰਸ, ਕਲਰਕ ਅਤੇ ਚੌਥਾ ਦਰਜਾ ਸਮੇਤ 9 ਮੁਲਾਜ਼ਮ, ਪਾਵਰਕਾਮ ਵਿੱਚ ਐਸਿਸਟੈਂਟ ਇੰਜਨੀਅਰ, ਐਸਿਸਟੈਂਟ ਮੈਨੇਜਕ ਅਤੇ ਕਲਰਕ ਸਮੇਤ 65 ਮੁਲਾਜ਼ਮ ਅਤੇ ਮੈਡੀਕਲ ਸਿੱਖਿਆ ਤੇ ਹੋਰ ਵਿਭਾਗਾਂ ਵਿੱਚ ਪ੍ਰੋਫੈਸਰ, ਐਸੋਸੀਏਟ ਪ੍ਰੋਫੈਸਰ ਅਤੇ ਐਸਿਸਟੈਂਟ ਪ੍ਰੋਫੈਸਰ ਸਣੇ 7 ਮੁਲਾਜ਼ਮ ਹਾਜ਼ਰ ਸਨ।



ਵੱਖ-ਵੱਖ ਵਿਭਾਗਾਂ ਵਿੱਚ ਨਵੇਂ ਭਰਤੀ ਹੋਏ 457 ਮੁਲਾਜਮਾਂ ਨੂੰ ਨਿਯੁਕਤੀ ਪੱਤਰ ਸੌਂਪੇ

ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਸਿੱਖ ਗੁਰੂਆਂ ਨੇ ਸਾਨੂੰ ਜਬਰ-ਜ਼ੁਲਮ ਅਤੇ ਬੇਇਨਸਾਫੀ ਵਿਰੁੱਧ ਲੜਨ ਦਾ ਸੰਦੇਸ਼ ਦਿੱਤਾ ਹੈ ਅਤੇ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਸੂਬਾ ਸਰਕਾਰ ਸਰਕਾਰੀ ਨੌਕਰੀਆਂ ਦੀ ਭਰਤੀ ਨੂੰ ਨਿਰਪੱਖ ਅਤੇ ਪਾਰਦਰਸੀ ਢੰਗ ਨਾਲ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਤਾਂ ਕਿ ਕਿਸੇ ਨਾਲ ਵੀ ਅਨਿਆਂ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਮਿਊਂਸਪਲ ਭਵਨ ਵਿੱਚ ਅਜਿਹੇ ਕਈ ਸਮਾਗਮ ਹੋ ਚੁੱਕੇ ਹਨ, ਜਿਨ੍ਹਾਂ 'ਚ ਨੌਜਵਾਨਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਨੌਕਰੀਆਂ ਮਿਲੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਨੌਜਵਾਨਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਲਈ ਰੁਜਗਾਰ ਦੇ ਨਵੇਂ ਰਾਹ ਖੋਲ੍ਹਣ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, "ਮੇਰੇ ਲਈ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ 40,000 ਤੋਂ ਵੱਧ ਨੌਜਵਾਨਾਂ ਨੂੰ ਨਿਰੋਲ ਯੋਗਤਾ ਦੇ ਆਧਾਰ 'ਤੇ ਚੁਣਿਆ ਗਿਆ ਹੈ। ਸਾਡਾ ਮਕਸਦ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹਦਿਆਂ ਪੰਜਾਬ ਛੱਡ ਕੇ ਜਾਣ ਵਾਲੇ ਨੌਜਵਾਨਾਂ ਦੀ ਵਤਨ ਵਾਪਸੀ ਨੂੰ ਯਕੀਨੀ ਬਣਾਉਣਾ ਹੈ। ਮੈਨੂੰ ਇਸ ਗੱਲ ਦੀ ਬਹੁਤ ਖੁਸ਼ੀ ਹੈ ਕਿ ਵੱਡੀ ਗਿਣਤੀ ਨੌਜਵਾਨ ਜੋ ਪਹਿਲਾਂ ਵਿਦੇਸ ਜਾਣ ਦੀ ਯੋਜਨਾ ਘੜ ਰਹੇ ਸਨ, ਹੁਣ ਮੁਕਾਬਲੇ ਦੀਆਂ ਪ੍ਰੀਖਿਆਵਾਂ ਰਾਹੀਂ ਸਰਕਾਰੀ ਨੌਕਰੀਆਂ ਲਈ ਤਿਆਰੀ ਕਰ ਰਹੇ ਹਨ।"

ਮੁੱਖ ਮੰਤਰੀ ਨੇ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਮਿਸਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨ ਦਾ ਸੱਦਾ ਦਿੱਤਾ ਕਿਉਂਕਿ ਹੁਣ ਉਹ ਸਰਕਾਰ ਦੇ ਪਰਿਵਾਰ ਦੇ ਮੈਂਬਰ ਬਣ ਚੁੱਕੇ ਹਨ। ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਮੁਖਾਤਿਬ ਹੁੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਨੂੰ ਪੂਰੀ ਉਮੀਦ ਹੈ ਕਿ ਤੁਸੀਂ ਆਪਣੀ ਕਲਮ ਰਾਹੀਂ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਕਰੋਗੇ। ਤਹਾਨੂੰ ਵੱਧ ਤੋਂ ਵੱਧ ਲੋਕਾਂ ਦੀ ਭਲਾਈ ਯਕੀਨੀ ਬਣਾਉਣੀ ਚਾਹੀਦੀ ਹੈ ਤਾਂ ਜੋ ਕੋਈ ਵੀ ਨਾਗਰਿਕ ਸਰਕਾਰੀ ਦਫਤਰਾਂ ਤੋਂ ਨਿਰਾਸ਼ ਹੋ ਕੇ ਨਾ ਜਾਵੇ।"

ਮੁੱਖ ਮੰਤਰੀ ਨੇ ਕਿਹਾ ਕਿ ਇਸ ਪਵਿੱਤਰ ਧਰਤੀ ਦੇ ਇਕ-ਇਕ ਇੰਚ ਨੂੰ ਮਹਾਨ ਗੁਰੂਆਂ, ਸੰਤਾਂ, ਪੀਰਾਂ, ਸਹੀਦਾਂ ਅਤੇ ਕਵੀਆਂ ਦੀ ਚਰਨ ਛੋਹ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਪੰਜਾਬੀ 'ਵਿਸਵ ਨਾਗਰਿਕ' ਹਨ ਜਿਨ੍ਹਾਂ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਆਲਮੀ ਪੱਧਰ ਉਤੇ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੂੰ ਸਖਤ ਮਿਹਨਤ ਦੇ ਅਦੁੱਤੀ ਜਜਬੇ ਦੀ ਬਖਸ਼ਿਸ਼ ਪ੍ਰਾਪਤ ਹੈ ਜਿਸ ਸਦਕਾ ਉਹ ਹਰੇਕ ਥਾਂ ਆਪਣੀ ਪਛਾਣ ਬਣਾ ਲੈਂਦੇ ਹਨ।

ਮੁੱਖ ਮੰਤਰੀ ਨੇ ਕਿਹਾ, "ਰਵਾਇਤੀ ਪਾਰਟੀਆਂ ਮੇਰੇ ਨਾਲ ਈਰਖਾ ਕਰਦੀਆਂ ਹਨ ਕਿਉਂਕਿ ਮੈਂ ਸਧਾਰਨ ਘਰ ਨਾਲ ਸਬੰਧ ਰੱਖਦਾ ਹਾਂ। ਇਹ ਆਗੂ ਸੱਤਾ ਵਿੱਚ ਬਣੇ ਰਹਿਣ ਦਾ ਆਪਣਾ ਬੁਨਿਆਦੀ ਹੱਕ ਸਮਝਦੇ ਸਨ ਜਿਸ ਕਾਰਨ ਇਨ੍ਹਾਂ ਨੂੰ ਇਹ ਹਜਮ ਨਹੀਂ ਹੋ ਰਿਹਾ ਕਿ ਆਮ ਆਦਮੀ ਸੂਬੇ ਦਾ ਸ਼ਾਸਨਕਾਲ ਏਨੇ ਬਿਹਤਰ ਢੰਗ ਨਾਲ ਕਿਵੇਂ ਚਲਾ ਰਿਹਾ ਹੈ। ਇਨ੍ਹਾਂ ਸਿਆਸਤਦਾਨਾਂ ਨੇ ਲੰਮਾ ਸਮਾਂ ਲੋਕਾਂ ਨੂੰ ਮੂਰਖ ਬਣਾਇਆ ਪਰ ਹੁਣ ਲੋਕ ਇਨ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਵਿੱਚ ਨਹੀਂ ਆਉਣਗੇ।"

ਕਾਂਗਰਸੀ ਆਗੂ ਨਵਜੋਤ ਸਿੰਘ ਸਿੱਧੂ ਨੂੰ ਵੇਲਾ ਵਿਹਾਅ ਚੁੱਕਾ ਸਿਆ-ਸਤਦਾਨ ਦੱਸਦਿਆਂ ਕਿਹਾ ਕਿ ਇਹ ਆਗੂ ਜਿਹੜੀ ਵੀ ਪਾਰਟੀ ਵਿੱਚ ਜਾਂਦਾ ਹੈ, ਉਸ ਪਾਰਟੀ ਲਈ ਬੋਝ ਬਣ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਿਜਲੀ ਬਾਰੇ ਸਿੱਧੂ ਹੁਣ ਤਾਂ ਵੱਡੇ-ਵੱਡੇ ਦਾਅਵੇ ਕਰ ਰਹੇ ਹਨ ਪਰ ਉਹ ਖੁਦ ਮੰਤਰੀ ਹੁੰਦਿਆਂ ਬਿਜਲੀ ਮਹਿਕਮਾ ਲੈਣ ਤੋਂ ਭੱਜ ਗਏ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਘੜੀ-ਮੁੜੀ ਆਪਣੀ ਵਫਾਦਾਰੀ ਬਦਲ ਲੈਂਦੇ ਹਨ ਜਿਸ ਕਾਰਨ ਲੋਕਾਂ ਦਾ ਉਸ 'ਤੇ ਕੋਈ ਭਰੋਸਾ ਨਹੀਂ ਰਿਹਾ।



# ਕਾਂਗਰਸ ਕਿਸਾਨਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ : ਮਨੀਸ਼ ਤਿਵਾੜੀ

## ਰਾਹੋਂ ਅਤੇ ਪਿੰਡ ਜੇਠੂ ਮਾਜਰਾ ਵਿਖੇ ਵੱਖ-ਵੱਖ ਪਬਲਿਕ ਮੀਟਿੰਗਾਂ ਨੂੰ ਸੰਬੋਧਨ ਕੀਤਾ



ਰਾਹੋਂ/ਨਵਾਂਸ਼ਹਿਰ, 26 ਫਰਵਰੀ (ਗਿਆਨ ਸਿੰਘ): ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਕਿਹਾ ਕਿ ਕਾਂਗਰਸ ਕਿਸਾਨਾਂ ਦੀਆਂ ਮੰਗਾਂ ਦੇ ਹੱਕ ਵਿੱਚ ਡਟ ਕੇ ਖੜ੍ਹੀ ਹੈ ਅਤੇ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰੇ। ਸੰਸਦ ਮੈਂਬਰ ਤਿਵਾੜੀ ਰਾਹੋਂ ਅਤੇ ਪਿੰਡ ਜੇਠੂ ਮਾਜਰਾ ਵਿਖੇ ਆਯੋਜਿਤ ਵੱਖ-ਵੱਖ ਪਬਲਿਕ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਸੰਸਦ ਮੈਂਬਰ ਨੇ ਕੇਂਦਰ ਸਰਕਾਰ 'ਤੇ ਤਿੰਨ ਕਾਲੇ ਖੇਤੀ ਕਾਨੂੰਨ ਵਾਪਸ ਲੈਣ ਦਾ ਐਲਾਨ ਕਰਦਿਆਂ ਕਿਸਾਨਾਂ ਨਾਲ ਕੀਤੇ ਵਾਅਦੇ ਤੋਂ ਭੱਜਣ ਦਾ ਦੋਸ਼ ਲਾਇਆ। ਜਿਸ ਕਾਰਨ ਕਿਸਾਨਾਂ ਨੂੰ ਦਿੱਲੀ ਵੱਲ ਕੂਚ ਕਰਨ ਲਈ ਮਜਬੂਰ ਹੋਣਾ ਪਿਆ ਅਤੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਸ਼ਹੀਦ ਹੋ ਗਿਆ। ਸੰਸਦ ਮੈਂਬਰ ਨੇ ਜ਼ੋਰ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਘੱਟੋ-ਘੱਟ ਸਮਰਥਨ ਮੁੱਲ ਦਾ ਮੁੱਦਾ ਲੋਕ ਸਭਾ 'ਚ ਵੀ ਉਠਾਇਆ ਸੀ ਅਤੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਇਕ ਵਾਰ ਫਿਰ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਏ ਅਤੇ ਐੱਮ.ਐੱਸ.ਪੀ 'ਤੇ ਕਾਨੂੰਨ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਕਾਂਗਰਸ ਦੀ ਸਰਕਾਰ ਆਉਣ 'ਤੇ ਪਾਰਟੀ ਐਮ.ਐਸ.ਪੀ ਨੂੰ ਕਾਨੂੰਨੀ ਗਾਰੰਟੀ ਦੇਣ ਵਾਲਾ ਕਾਨੂੰਨ ਲਿਆਵੇਗੀ।

ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਇਹ ਚੋਣਾਂ ਦੇਸ਼ ਦਾ ਭਵਿੱਖ ਤੈਅ ਕਰਨਗੀਆਂ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਐਨ.ਡੀ.ਏ ਸਰਕਾਰ ਦੌਰਾਨ ਹਰ ਜ਼ਰੂਰੀ ਵਸਤੂ ਦੇ ਰੇਟ ਅਸਮਾਨ ਨੂੰ ਛੂਹ ਰਹੇ ਹਨ। ਇਸਦੇ ਨਾਲ ਹੀ ਸਰਕਾਰ ਦਾ ਕਿਸਾਨ ਤੇ ਮਜ਼ਦੂਰ ਵਿਰੋਧੀ ਚਿਹਰਾ ਹੁਣ ਲੋਕਾਂ ਦੇ ਸਾਹਮਣੇ ਆ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਲੋਕਾਂ ਦੇ ਸਰਬਪੱਖੀ ਵਿਕਾਸ ਨੂੰ ਪਹਿਲ ਦਿੱਤੀ ਹੈ। ਦੇਸ਼ ਵਿੱਚ ਵਿਕਾਸ ਪਾਰਟੀ ਦੀਆਂ ਸਰਕਾਰਾਂ ਦੌਰਾਨ ਹੀ ਹੋਇਆ ਹੈ।

ਇਸ ਦੌਰਾਨ ਸਾਬਕਾ ਵਿਧਾਇਕ ਅੰਗਦ ਸਿੰਘ ਨੇ ਕਿਹਾ ਕਿ ਨਵਾਂਸ਼ਹਿਰ ਵਿਧਾਨ ਸਭਾ ਹਲਕੇ ਦਾ ਵਿਕਾਸ ਜਾਂ ਤਾਂ ਕਾਂਗਰਸ ਪਾਰਟੀ ਦੀ ਸਰਕਾਰ ਵੇਲੇ ਹੋਇਆ ਹੈ ਜਾਂ ਫਿਰ ਸੰਸਦ ਮੈਂਬਰ ਤਿਵਾੜੀ ਵੱਲੋਂ ਜਾਰੀ ਸੰਸਦੀ ਗਰਾਂਟ ਨਾਲ ਹੋਇਆ ਹੈ। ਜਦੋਂ ਕਿ ਮੌਜੂਦਾ ਸੂਬਾ ਸਰਕਾਰ ਸਿਰਫ਼ ਖੋਖਲੇ ਦਾਅਵੇ ਕਰਕੇ ਲੋਕਾਂ ਨੂੰ ਧੋਖਾ ਦੇ ਰਹੀ ਹੈ। ਇਸ ਦੌਰਾਨ ਉਨ੍ਹਾਂ ਨੇ ਇੱਕ ਵਾਰ ਫਿਰ ਸੰਸਦ ਮੈਂਬਰ ਤਿਵਾੜੀ ਨੂੰ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਵੋਟ ਦੇ ਕੇ ਜਿਤਾਉਣ ਦੀ ਅਪੀਲ ਕੀਤੀ।







